ਰੋਜ਼ਾਨਾ
# ਰੀਸੈਂਟ ਟਾਈਮਜ਼

Chief Editor: Mamoon Rashid

EVENING NEWSPAPER

Vol:04,Issue:80, Dated: 04 June 2026 ,RNI:PUNBIL/2022/87140,Rate:Rs 5/- E-Mail Id: recenttimes1@gmail.com, Website:www.recenttimes.in, page/4

ਅਰੇਬੀਅਨ ਅਤਰ ਊਦ ਅਤੇ ਫਰੈਂਚ ਖੁਸ਼ਬੂਆਂ
ਕੋਈ ਵੀ 5 ਇਤਰ ਖਰੀਦੋ 1 ਮੁਫ਼ਤ ਪਾਓ
ਕੋਈ ਵੀ 10 ਇਤਰ ਖਰੀਦੋ 3 ਮੁਫ਼ਤ ਪਾਓ
zedem Fragrance
Raje da Bagh,oposite Masjid Malerkotla 91158-36300

CCTV ਕੈਮਰੇ ਲਵਾਓ
ਮੁਨਾਸਿਬ ਕੀਮਤ ਬਿਹਤਰੀਨ ਸਰਵਿਸ
My Computer World
Raje da Bagh,oposite Masjid Malerkotla 98153-62267

## ਭਾਰਤ ਦੇ ਨੌਜਵਾਨ ਨੌਕਰੀਆਂ ਲੱਭਣ ਵਾਲੇ ਨਹੀਂ ਸਗੋਂ ਨੌਕਰੀਆਂ ਦੇਣ ਵਾਲੇ ਬਣਨ -ਰਾਜਪਾਲ ਕਟਾਰੀਆ

ਮੋਹਾਲੀ, 04 ਜੂਨ ( ਅਸ਼ੋਕ ਜੋਸ਼ੀ )"ਤੁਸੀਂ ਸਿਰਫ਼ ਨੌਕਰੀ ਦੀ ਭਾਲ ਕਰਨ ਵਾਲੇ ਨੌਜਵਾਨ ਨਾ ਬਣੋ, ਸਗੋਂ ਅਜਿਹੇ ਨੌਜਵਾਨ ਬਣੋ ਜੋ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰੇ। ਨੌਜਵਾਨਾਂ ਨੂੰ ਆਤਮ-ਨਿਰਭਰ ਅਤੇ ਸਮਰੱਥ ਬਣਾਉਣ ਲਈ ਦੇਸ਼ ਵਿੱਚ ਸਟਾਰਟਅੱਪ ਇੰਡੀਆ, ਸਟੈਂਡ ਅੱਪ ਇੰਡੀਆ, ਸਕਿੱਲ ਇੰਡੀਆ, ਡਿਜੀਟਲ ਇੰਡੀਆ, ਪੀਐਮ ਈ-ਵਿੱਦਿਆ, ਸਵੈਮ, ਨੈਸ਼ਨਲ ਡਿਜੀਟਲ ਲਾਈਬ੍ਰੇਰੀ, ਅਟਲ ਇਨੋਵੇਸ਼ਨ ਮਿਸ਼ਨ ਅਤੇ ਪੀਐਮ ਵਿੱਦਿਆ ਲਕਸ਼ਮੀ ਵਰਗੀਆਂ ਅਨੇਕਾਂ ਸਰਕਾਰੀ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਖ਼ੁਦ ਦੇ ਪੈਰਾਂ 'ਤੇ ਖੜੀ ਹੋ ਸਕੇ।" ਇਨ੍ਹਾਂ ਪ੍ਰੇਰਣਾਦਾਇਕ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਯੂਨੀਵਰਸਿਟੀ ਦੇ 'ਸੀਯੂ ਸਕਾਲਰਜ਼ ਸਮਿਟ 2026' ਦੇ ਤੀਜੇ ਐਡੀਸ਼ਨ ਦਾ ਉਦਘਾਟਨ ਦੌਰਾਨ ਕੀਤਾ।ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਬਤੌਰ ਮੁੱਖ ਮਹਿਮਾਨ ਇਸ ਵੱਕਾਰੀ ਸਮਿਟ ਦਾ ਉਦਘਾਟਨ ਕੀਤਾ। ਇਸ ਮੌਕੇ ਵਿਗਿਆਨੀ ਪ੍ਰੋਫੈਸਰ (ਡਾ.) ਵਾਈ.ਵੀ.ਐਨ. ਕ੍ਰਿਸ਼ਨਾਮੂਰਤੀ (ਸਾਬਕਾ ਡਾਇਰੈਕਟਰ - ਆਈਆਈਆਈਆਰਐਸ, ਐਨਆਰਐਸਸੀ, ਐਨਏਆਰਐਲ ਅਤੇ ਆਈਆਈਐਸਟੀ), ਬਾਲੀਵੁੱਡ ਦੇ ਮਸ਼ਹੂਰ ਅਦਾਕਾਰ ਚੰਕੀ ਪਾਂਡੇ, ਬਾਲੀਵੁੱਡ ਅਦਾਕਾਰ ਅਤੇ ਕਾਮੇਡੀਅਨ ਕੀਕੂ ਸ਼ਾਰਦਾ, ਇੰਡੋ-ਕੈਨੇਡੀਅਨ ਅਦਾਕਾਰ ਅਤੇ ਪ੍ਰੋਡਿਊਸਰ ਰਜਤ ਬੇਦੀ, ਟਾਟਾ ਕੰਸਲਟੈਂਸੀ ਸਰਵਿਸਿਜ਼ ਲਿਮਟਿਡ (ਟੀਸੀਐਸ) ਦੇ ਹੈੱਡ ਆਪ੍ਰੇਸ਼ਨਜ਼ ਮੈਨੇਜਮੈਂਟ ਤੇ ਸੀਐਸਆਰ ਸੁਸ਼ੀਲ ਖੋਸਲਾ, ਗ੍ਰਾਂਟ ਥੋਰਨਟਨ ਭਾਰਤ ਐਲਐਲਪੀ ਦੇ ਚੀਫ਼ ਲਰਨਿੰਗ ਆਫੀਸਰ ਅੰਕਿਤ ਝਾਂਬ ਅਤੇ ਫਰੈਕਟਲ ਦੇ ਏਪੀਏਸੀ ਅਤੇ ਜੀਸੀਸੀ, ਉਤਪਾਦ, ਗ੍ਰੋਥ ਤੇ ਸਟ੍ਰੈਟੇਜੀ ਰਿਸ਼ੀ ਸੇਠ, ਫਿਲਿਪਸ ਇੰਡੀਆ ਦੇ ਸੀਐਫ਼ਓ ਦੇਵ ਤ੍ਰਿਪਾਠੀ ਅਤੇ ਅਮੈਰੀਕਨ ਐਕਸਪ੍ਰੈਸ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਟੈਲੇਂਟ ਐਕਵਾਜ਼ੀਸ਼ਨ ਡਾਇਰੈਕਟਰ ਡਾ. ਸਚਿਨ ਗੁਲਾਟੀ, ਚੰਡੀਗੜ੍ਹ ਯੂਨੀਵਰਸਿਟੀ ਦੇ ਸੀਨੀਅਰ ਮੈਨੇਜਿੰਗ ਡਾਇਰੈਕਟਰ ਦੀਪਇੰਦਰ ਸਿੰਘ ਸੰਧੂ, ਚਾਂਸਲਰ ਦੇ ਸਲਾਹਕਾਰ ਪ੍ਰੋ. (ਡਾ.) ਆਰਐਸ ਬਾਵਾ ਸਮੇਤ ਉਦਯੋਗਿਕ ਅਤੇ ਅਕਾਦਮਿਕ ਜਗਤ ਦੀਆਂ ਕਈ ਹੋਰ ਉੱਘੀਆਂ ਸ਼ਖ਼ਸੀਅਤਾਂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਕਾਬਲੀਅਤ ਅਤੇ ਹੁਨਰ ਨੂੰ ਬਣਦਾ ਮਾਣ ਸਤਿਕਾਰ ਦੇਣ ਦੀ ਚੰਡੀਗੜ੍ਹ ਯੂਨੀਵਰਸਿਟੀ ਦੀ ਨਿਵੇਕਲੀ ਕੋਸ਼ਿਸ਼ ਤਹਿਤ 'ਸੀਯੂ ਸਕਾਲਰਜ਼ ਸਮਿਟ 2026' ਦੀ ਸ਼ੁਰੂਆਤ ਯੂਨੀਵਰਸਿਟੀ ਦੇ ਐਡਮਿਸ਼ਨ-ਕਮ-ਸਕਾਲਰਸ਼ਿਪ ਐਂਟਰੈਂਸ ਟੈਸਟ 'ਚੰਡੀਗੜ੍ਹ ਯੂਨੀਵਰਸਿਟੀ ਕੌਮਨ ਐਂਟਰੈਂਸ ਟੈਸਟ 2026' ਦੇ ਟੌਪਰਾਂ ਨੂੰ ਸਨਮਾਨਿਤ ਕਰਨ ਦੇ ਨਾਲ ਹੋਈ।ਇਸ ਸਮਿਟ ਵਿੱਚ ਦੇਸ਼-ਵਿਦੇਸ਼ ਦੀਆਂ ਨਾਮੀ ਕੰਪਨੀਆਂ ਦੇ ਸੀਈਓ, ਪ੍ਰੈਜ਼ੀਡੈਂਟ/ਵਾਈਸ ਪ੍ਰੈਜ਼ੀਡੈਂਟ, ਉਦਯੋਗ ਜਗਤ ਦੇ ਲੀਡਰ ਅਤੇ ਪ੍ਰਸਿੱਧ ਬਾਲੀਵੁੱਡ ਕਲਾਕਾਰਾਂ ਨੇ ਹਿੱਸਾ ਲਿਆ। ਇਨ੍ਹਾਂ ਦਿੱਗਜ ਹਸਤੀਆਂ ਨੇ ਵਿਦਿਆਰਥੀਆਂ ਨਾਲ ਆਪਣੇ ਅਨੁਭਵ ਅਤੇ ਵਿਚਾਰ ਸਾਂਝੇ ਕੀਤੇ, ਤਾਂ ਜੋ ਤੇਜ਼ੀ ਨਾਲ ਬਦਲ ਰਹੀ ਇੰਡਸਟਰੀ ਦੇ ਮੁਤਾਬਕ ਵਿਦਿਆਰਥੀ ਆਪਣੇ ਆਪ ਨੂੰ ਭਵਿੱਖ ਦੀਆਂ ਨਵੀਆਂ ਅਤੇ ਬਦਲਦੀਆਂ ਨੌਕਰੀਆਂ ਲਈ ਤਿਆਰ ਕਰ ਸਕਣ।ਤੀਜੇ ਸੀਯੂ ਸਕਾਲਰਸ਼ਿਪ ਸਮਿਟ 2026 ਦੌਰਾਨ ਮਾਹੌਲ ਕਾਫ਼ੀ ਰੌਣਕ ਭਰਿਆ ਰਿਹਾ, ਜਿੱਥੇ ਪ੍ਰੇਰਣਾਦਾਇਕ ਬੁਲਾਰਿਆਂ, ਉਦਯੋਗ ਮਾਹਰਾਂ ਅਤੇ ਸੈਲੀਬ੍ਰਿਟੀਜ਼ ਨਾਲ ਬੇਹੱਦ ਦਿਲਚਸਪ ਅਤੇ ਸਿੱਖਿਆਦਾਇਕ ਇੰਟਰਐਕਟਿਵ ਸੈਸ਼ਲ ਕਰਵਾਏ ਗਏ। ਇਨ੍ਹਾਂ ਹਸਤੀਆਂ ਵਿੱਚ ਪ੍ਰਸਿੱਧ ਕਾਮੇਡੀਅਨ ਅਤੇ ਅਦਾਕਾਰ ਕੀਕੂ ਸ਼ਾਰਦਾ, ਹਿਤਾਚੀ ਸਿਸਟਮਜ਼ ਇੰਡੀਆ ਦੇ ਸੀਨੀਅਰ ਉੱਪ ਪ੍ਰਧਾਨ ਅਤੇ ਗਲੋਬਲ ਹੈੱਡ ਮਨਦੀਪ ਸਿੰਘ, ਕੈਲਟਨ ਟੈੱਕ ਸਾਲਿਊਸ਼ਨਜ਼ ਲਿਮਟਿਡ ਦੇ ਉੱਪ ਪ੍ਰਧਾਨ (ਟੈਕਨਾਲੋਜੀ) ਸੁਸ਼ੀਲ ਕੁਮਾਰ ਤ੍ਰਿਪਾਠੀ ਅਤੇ ਐਨਐਸਆਈਐਲ/ਇਸਰੋ ਦੇ ਜਨਰਲ ਮੈਨੇਜਰ (ਸੈਟੇਲਾਈਟ) ਡਾ. ਐਸ ਮੰਗੇਸ਼ ਵਰਗੇ ਵੱਡੇ ਨਾਮ ਸ਼ਾਮਲ ਸਨ।ਆਪਣੇ ਮੁੱਖ ਭਾਸ਼ਣ ਦੌਰਾਨ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਪੰਜਾਬ ਦੇ ਰਾਜਪਾਲ ਕਟਾਰੀਆ ਨੇ ਕਿਹਾ, "ਭਾਰਤ ਦੇ ਨੌਜਵਾਨਾਂ ਨੂੰ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਸਿਰਫ਼ ਪੱਛਮੀ ਮੁਲਕਾਂ ਉੱਪਰ ਹੀ ਨਿਰਭਰ ਨਹੀਂ ਰਹਿਣਾ ਚਾਹੀਦਾ, ਸਗੋਂ ਆਪਣੇ ਦੇਸ਼ ਦੀ ਅਮੀਰ ਅਤੇ ਡੂੰਘੀਆਂ ਜੜ੍ਹਾਂ ਵਾਲੀ ਗਿਆਨ ਵਿਰਾਸਤ ਨਾਲ ਵੀ ਦੁਬਾਰਾ ਜੁੜਨਾ ਚਾਹੀਦਾ ਹੈ। ਚੰਡੀਗੜ੍ਹ ਯੂਨੀਵਰਸਿਟੀ ਦੀਆ ਸਕਾਲਰਸ਼ਿਪ ਸਕੀਮਾਂ ਦੀ ਦਿਲੋਂ ਸ਼ਲਾਘਾ ਕਰਦਿਆਂ ਰਾਜਪਾਲ ਕਟਾਰੀਆ ਨੇ ਅੱਗੇ ਕਿਹਾ, "ਇਸ ਸਾਲ ਵੀ ਯੂਨੀਵਰਸਿਟੀ ਵੱਲੋਂ ਕੁੱਲ 7,000 ਹੋਣਹਾਰ ਵਿਦਿਆਰਥੀਆਂ ਨੂੰ ਲਗਭਗ 200 ਕਰੋੜ ਰੁਪਏ ਦੀ ਸਕਾਲਰਸ਼ਿਪ ਦਿੱਤੀ ਜਾ ਰਹੀ ਹੈ, ਜਿਸ ਵਿੱਚੋਂ 2,800 ਸਾਡੀਆਂ ਧੀਆਂ ਹਨ। ਸਮਾਜ ਵਿੱਚ ਸਮਾਨਤਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਹੁਲਾਰਾ ਦੇਣ ਵੱਲ ਇਹ ਇੱਕ ਬਹੁਤ ਹੀ ਮਜ਼ਬੂਤ ਅਤੇ ਮਿਸਾਲੀ ਕਦਮ ਹੈ। ਯੂਨੀਵਰਸਿਟੀ ਹੁਣ ਤੱਕ ਸੀਯੂ- ਸੀਈਟੀ ਸਕਾਲਰਸ਼ਿਪ ਸਕੀਮ ਤਹਿਤ ਲਗਭਗ 50,000 ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇ ਚੁੱਕੀ ਹੈ। ਪਿਛਲੇ 13 ਸਾਲਾਂ ਦੌਰਾਨ, ਚੰਡੀਗੜ੍ਹ ਯੂਨੀਵਰਸਿਟੀ ਨੇ ਵੱਖ-ਵੱਖ ਹੋਰ ਕੈਟਾਗਰੀਆਂ ਦੇ ਅਧੀਨ ਲਗਭਗ 2.5 ਲੱਖ



ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਹੈ, ਜਿਨ੍ਹਾਂ ਵਿੱਚੋਂ 82,000 ਤੋਂ ਵੱਧ ਸਾਡੀਆਂ ਧੀਆਂ ਹਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਸੀਨੀਅਰ ਮੈਨੇਜਿੰਗ ਡਾਇਰੈਕਟਰ ਦੀਪਇੰਦਰ ਸਿੰਘ ਸੰਧੂ ਨੇ ਕਿਹਾ, "ਚੰਡੀਗੜ੍ਹ ਯੂਨੀਵਰਸਿਟੀ ਨੇ ਹਮੇਸ਼ਾ ਹੋਣਹਾਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੇ ਰਾਹ ਵਿੱਚ ਆਉਣ ਵਾਲੀਆਂ ਵਿੱਤੀ ਰੁਕਾਵਟਾਂ ਨੂੰ ਦੂਰ ਕਰਨ ਦਾ ਯਤਨ ਕੀਤਾ ਹੈ। ਇਸ ਸਮਿਟ ਦਾ ਇੱਕ ਸਭ ਤੋਂ ਖਾਸ ਅਤੇ ਮੁੱਖ ਆਕਰਸ਼ਣ ਚੰਡੀਗੜ੍ਹ ਯੂਨੀਵਰਸਿਟੀ ਦੇ ਵਿਸ਼ਾਲ ਕੈਂਪਸ ਦਾ ਗਾਈਡ ਟੂਰ (ਸਰਵੇਖਣ) ਰਿਹਾ। ਇਸ ਦੌਰਾਨ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀਆਂ ਆਧੁਨਿਕ ਅਤੇ ਹਾਈ-ਟੈਕ ਲੈਬਾਰਟਰੀਆਂ, ਵਿਸ਼ਵ ਪੱਧਰੀ ਸਹੂਲਤਾਂ ਅਤੇ ਬਿਹਤਰੀਨ ਸਿੱਖਿਆ ਕੇਂਦਰਾਂ ਨੂੰ ਨੇੜਿਓਂ ਦੇਖਣ ਅਤੇ ਸਮਝਣ ਦਾ ਮੌਕਾ ਮਿਲਿਆ, ਜਿਸ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

## ਮਾਲੇਰਕੋਟਲਾ ਜ਼ਿਲ੍ਹਾ ਦੇ ਕੋਰ ਗਰੁੱਪ ਮੈਂਬਰਾਂ ਦੀ ਮੀਟਿੰਗ ਏ.ਡੀ.ਸੀ. ਨਾਲ ਹੋਈ

ਮਾਲੇਰਕੋਟਲਾ, 04 ਜੂਨ (ਮਾਮੂਨ ਰਸ਼ਦਿ) ਬੀਤੇ ਦਿਨ ਮਨੁੱਖੀ ਅਧਿਕਾਰ ਕਮਿਸ਼ਨ ਦੇ ਜ਼ਿਲ੍ਹਾ ਮਾਲੇਰਕੋਟਲਾ ਦੇ ਕੋਰ ਗਰੁੱਪ ਮੈਂਬਰਾਂ ਦੀ ਮੀਟਿੰਗ ਜ਼ਿਲ੍ਹੇ ਦੀ ਏ.ਡੀ.ਸੀ. ਮਨਦੀਪ ਕੌਰ ਨਾਲ ਹੋਈ ਜਿਸ ਵਿੱਚ ਮੈਂਬਰਾਂ ਦੀ ਜਾਨ ਪਹਿਚਾਣ ਕੀਤੀ ਗਈ ਅਤੇ ਮੈਂਬਰਾਂ ਨੇ ਆਪਣੇ ਆਪਣੇ ਸੁਝਾਅ ਦਿੱਤੇ ਕਿ ਕਿਵੇਂ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕੀਤੀ ਜਾਵੇ ਜੋ ਉਹਨਾਂ ਦੇ ਬੁਨਿਆਦੀ ਹੱਕ ਹਨ ਬਰਾਬਰੀ ਦੇ ਇੱਜ਼ਤ ਅਤੇ ਇਨਸਾਫ, ਸਿਹਤ,ਸਿੱਖਿਆ ਸੁਰੱਖਿਆ ਜੋ ਸੰਵੀਧਾਨ ਨੇ ਉਹਨਾਂ ਨੂੰ ਦਿੱਤੇ ਹਨ ਉਹਨਾਂ ਦੀ ਉਲੰਘਣਾ ਨਾ ਹੋਵੇ।ਹਾਲ ਹੀ ਵਿੱਚ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੂਰੇ ਪੰਜਾਬ ਚ ਜ਼ਿਲ੍ਹਾ ਪੱਧਰ ਤੇ 10 ਤੋਂ 15 ਲੋਕਾਂ ਦੀਆਂ ਕਮੇਟੀਆਂ ਬਣਾਈਆਂ ਹਨ ਜੋ ਇੱਕ ਕੜੀ ਦਾ ਕੰਮ ਕਰਨਗੇ, ਪ੍ਰਸ਼ਾਸ਼ਨ ਅਤੇ ਲੋਕਾਂ ਦੇ ਦਰਮਿਆਨ ਲੋਕਾਂ ਦੀਆਂ ਸ਼ਿਕਾਈਤਾਂ ਅਤੇ ਮਸਲਿਆ ਨੂੰ ਹੱਲ ਕਰਨ ਦੀ ਕੋਸ਼ਿਸ ਕਰਨਗੇ। ਐਨਜੀਓ ਅਤੇ ਸਮਾਜਿਕ ਜੱਥੇਬੰਦੀਆਂ ਅਤੇ ਅਲੱਗ ਅਲੱਗ ਖੇਤਰ ਚ ਸ਼ੋਸ਼ਲ ਕੰਮ ਕਰ ਰਹੇ ਲੋਕਾਂ ਵਿੱਚੋਂ ਇਹ ਕੋਰ ਗਰੁੱਪ ਮੈਂਬਰਾਂ ਚੁਣੇ ਗਏ ਹਨ। ਸ਼ਹਿਬਜਾਦਾ ਨਦੀਮ ਅਨਵਰ ਖਾਂ ਨੇ ਕਿਹਾ ਕਿ ਮਨੁੱਖੀ ਅਧਿਕਾਰੀ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸੈਂਟੀ ਦੀ ਕੋਸ਼ਿਸ ਸਦਕਾ ਜੋ ਪੂਰੇ ਪੰਜਾਬ ਵਿੱਚ ਕੋਰ ਗਰੁੱਪ ਮੈਂਬਰਾਂ ਦੀਆਂ ਕਮੇਟੀਆਂ ਬਣਾਈਆਂ ਗਈਆਂ ਉਹਨਾਂ ਮਕਸਦ ਅਲੱਗ ਅਲੱਗ ਡਿਪਾਰਟਮੈਂਟ ਚ ਹੋ ਰਹੀ ਕਰੱਪਸ਼ਨ, ਅਣਗਹਿਲੀ ਆਮ ਲੋਕਾਂ ਦੀ ਸੁਣਵਾਈ ਜੋ ਕਿਤੇ ਨਹੀਂ ਹੋ ਰਹੀ ਹਸਪਤਾਲ, ਸਕੂਲ, ਕਾਲਜ਼,ਮਿਊਸੀਪਲ ਕਮੇਟੀ, ਪੁਲਿਸ, ਪੰਚਾਇਤੀ ਵਿਭਾਗ ਯਾ ਕਿਸੇ ਹੋਰ ਵਿਭਾਗ ਚ ਜੇ ਲੋਕਾਂ ਦੀ ਸੁਣਵਾਈ ਨਹੀਂ ਹੋ ਰਹੀ ਤਾਂ ਉਹ ਕੋਰ ਗਰੁੱਪ ਮੈਂਬਰਜ਼ ਤੱਕ ਪਹੁੰਚ ਕਰ ਸਕਦੇ ਹੋ, ਕਿਸੇ ਵੀ ਵਕਤ ਮਿਲ ਸਕਦੇ ਹਨ ਅਤੇ ਮੈਂਬਰਾਂ ਦੀ ਕੋਸ਼ਿਸ ਰਹੇਗੀ ਕਿ ਮਸਲੇ ਦਾ ਹੱਲ ਸਬੰਧਤ ਮਹਿਕਮੇ ਵਿੱਚ ਹੀ ਕੀਤਾ ਜਾਏ ਅਤੇ ਜੇ ਫਿਰ ਵੀ ਹੱਲ ਨਾ ਹੋਏ ਤਾਂ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਰਿਪੋਰਟ ਕੀਤਾ ਜਾਵੇਗਾ ਜੋ ਆਪਣੀ ਕਾਰਵਾਈ ਕਰੇਗਾ ਅਤੇ ਸਬੰਧਤ ਅਧਿਕਾਰੀ ਜਵਾਬ ਦੇਹ ਹੋਵੇਗਾ ਕਿ ਕਿਸ ਕਾਰਨ ਨਾਲ ਉਸ ਵਿਅਕਤੀ ਦੀ ਸੁਣਵਾਈ ਨਹੀਂ ਹੋ ਰਹੀ।ਅਸਲ ਚ ਪ੍ਰਸ਼ਾਸ਼ਨ ਦੇ ਉੱਪਰ ਵੀ ਕੰਮ ਦਾ ਬਹੁਤ ਬੋਝ ਹੁੰਦਾ ਹੈ ਕਈ ਵਾਰ ਕੰਮ ਵਿੱਚ ਦੇਰੀ ਹੋ ਜਾਂਦਾ ਹੈ, ਇਸ ਕਰਕੇ ਸਾਨੂੰ ਸਭ ਨੂੰ ਮਿਲ ਕੇ ਇੱਕ ਦੂਜੇ ਦਾ ਸਹਿਯੋਗ ਕਰਕੇ ਕੰਮਾਂ ਨੂੰ ਸਿਰੇ ਚਾੜਣਾ ਹੈ ਤਾ ਜੋ ਆਮ ਲੋਕਾਂ ਨੂੰ ਦਫਤਰਾਂ ਵਿੱਚ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਏ।ਜੋ ਕਿ ਵਿਭਾਗ ਅਲੱਗ ਅਲੱਗ ਮੈਂਬਰਜ਼ ਨੂੰ ਵੰਡੇ ਗਏ ਹਨ ਉਹਨਾਂ ਚ ਪੁਲਿਸ,ਸਕੂਲ, ਉਚ ਸਿੱਖਿਆ,ਖੁਰਾਕ, ਪੀਣ ਵਾਲਾ ਪਾਣੀ, ਹਸਪਤਾਲ, ਨਸ਼ਾ, ਪ੍ਰਦੂਸਣ, ਟਰਾਂਸਪੋਰਟ, ਜੁਰਮ, ਮਹਿਲਾਂ, ਸੀਨਿਅਰ ਸਿਟੀਜ਼ਨ, ਐਨ.ਆਰ.ਆਈ ਆਦਿ ਹਨ। ਮੀਟਿੰਗ ਵਿੱਚ ਪਹੁੰਚੇ ਕੋਰ ਗਰੁੱਪ ਮੈਂਬਰਜ਼ ਦੇ ਨਾਮ ਇਸ ਤਰਾਂ ਹਨ ਨਦੀਮ ਅਨਵਾਰ ਖ਼ਾਨ, ਲਵਦੀਪ ਸਿੰਘ , ਸ਼ੇਖ ਜ਼ੀਸ਼ਾਨ ਕੁਰੈਸ਼ੀ ,ਅਜ਼ਹਰ ਖ਼ਾਨ, ,ਹਰਬੰਸ ਸਿੰਘ,ਸੁਹੈਬ ਅਹਿਮਦ ਖਾਨ ਸ਼ੈਬੀ ,ਮੰਜੂ ਹਰਕਿਰਨ, ਅਬਾਦ ਖੁਰਦ,ਇਰਫਾਨ, ਸ਼ਾਹਿਦ, , ਸਤੀਸ਼ ਕੁਮਾਰ ।



## ਚਾਰ ਵਿਧਾਨ ਸਭਾ ਕਮੇਟੀਆਂ ਵਿੱਚ ਮਿਲੀ ਅਹਿਮ ਜ਼ਿੰਮੇਵਾਰੀ, ਵਿਧਾਇਕ ਰੰਧਾਵਾ ਨੂੰ ਆਗੂਆਂ ਨੇ ਦਿੱਤੀ ਵਧਾਈ

ਲਾਲੜੂ, 4 ਜੂਨ (ਏ ਸ਼ਰਮਾ) ਪੰਜਾਬ ਵਿਧਾਨ ਸਭਾ ਚੰਡੀਗੜ੍ਹ ਵਿਖੇ ਡੇਰਾਬੱਸੀ ਹਲਕੇ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੂੰ ਚਾਰ ਮਹੱਤਵਪੂਰਨ ਵਿਧਾਨ ਸਭਾ ਕਮੇਟੀਆਂ—ਵਿਸ਼ੇਸ਼ ਅਧਿਕਾਰ ਕਮੇਟੀ, ਸਥਾਨਕ ਸਰਕਾਰਾਂ ਵਿਭਾਗ ਕਮੇਟੀ, ਘੱਗਰ ਤੇ ਬੁੱਢਾ ਦਰਿਆ ਕਮੇਟੀ ਅਤੇ ਪੰਚਾਇਤੀ ਰਾਜ ਕਮੇਟੀ—ਵਿੱਚ ਮੈਂਬਰ ਨਿਯੁਕਤ ਕੀਤੇ ਜਾਣ ’ਤੇ ਹਲਕੇ ਭਰ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਨਿਯੁਕਤੀ ਨੂੰ ਡੇਰਾਬੱਸੀ ਹਲਕੇ ਦੀ ਨੁਮਾਇੰਦਗੀ ਨੂੰ ਹੋਰ ਮਜ਼ਬੂਤੀ ਮਿਲਣ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਲਾਲੜੂ ਦੇ ਨਵ-ਨਿਯੁਕਤ ਐਮ.ਸੀ. ਸਾਹਿਬਾਨਾਂ, ਵਾਰਡ ਇੰਚਾਰਜਾਂ, ਸਰਪੰਚ ਸਾਹਿਬਾਨਾਂ ਅਤੇ ਹੰਡੇਸਰਾ ਸਰਕਲ ਦੇ ਸਰਪੰਚਾਂ ਨੇ ਵਿਧਾਇਕ ਰੰਧਾਵਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ। ਆਗੂਆਂ ਨੇ ਕਿਹਾ ਕਿ ਇਹ ਨਿਯੁਕਤੀ ਡੇਰਾਬੱਸੀ ਹਲਕੇ ਲਈ ਮਾਣ ਦੀ ਗੱਲ ਹੈ ਅਤੇ ਇਸ ਨਾਲ ਲੋਕਾਂ ਦੇ ਮੁੱਦੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਵਿਧਾਨ ਸਭਾ ਅਤੇ ਸਰਕਾਰ ਤੱਕ ਪਹੁੰਚ ਸਕਣਗੇ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਧਾਈ ਦੇਣ ਲਈ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜ਼ਿੰਮੇਵਾਰੀ ਉਨ੍ਹਾਂ ਲਈ ਸਨਮਾਨ ਦੇ ਨਾਲ-ਨਾਲ ਲੋਕਾਂ ਪ੍ਰਤੀ ਹੋਰ ਵੱਡੀ ਜਵਾਬਦੇਹੀ ਵੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ, ਪੰਜਾਬ ਸਰਕਾਰ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਉਨ੍ਹਾਂ ’ਤੇ ਜਤਾਏ ਗਏ ਭਰੋਸੇ ’ਤੇ ਉਹ ਪੂਰੀ ਤਰ੍ਹਾਂ ਖਰਾ ਉਤਰਣਗੇ।ਰੰਧਾਵਾ ਨੇ ਕਿਹਾ ਕਿ ਉਹ ਕਮੇਟੀਆਂ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਂਦੇ ਹੋਏ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪੂਰੀ ਤਾਕਤ ਨਾਲ ਉਠਾਉਣਗੇ ਅਤੇ ਹਲਕੇ ਦੇ ਵਿਕਾਸ ਨੂੰ ਹੋਰ ਗਤੀ ਦੇਣ ਲਈ ਲਗਾਤਾਰ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਦੇ ਹਰ ਪਿੰਡ ਅਤੇ ਸ਼ਹਿਰ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਹੀ ਉਨ੍ਹਾਂ ਦੀ ਰਾਜਨੀਤੀ ਦਾ ਮੂਲ ਮੰਤਵ ਹੈ ਅਤੇ ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਉਤਰਦੇ ਹੋਏ ਹਲਕੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਦੇ ਰਹਿਣਗੇ।ਇਸ ਮੌਕੇ ਹਾਜ਼ਰ ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਵਿਧਾਇਕ ਰੰਧਾਵਾ ਨੂੰ ਮਿਲੀ ਇਹ ਅਹਿਮ ਜ਼ਿੰਮੇਵਾਰੀ ਡੇਰਾਬੱਸੀ ਹਲਕੇ ਦੇ ਵਿਕਾਸ ਅਤੇ ਲੋਕਾਂ ਦੇ ਹੱਕਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ।



## ਭਵਾਨੀਗੜ੍ਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਅਹਿਮ ਮੀਟਿੰਗ

ਭਵਾਨੀਗੜ੍ਹ, 4 ਜੂਨ ( ਜਤਿੰਦਰ ਸ਼ੈਟੀ)- ਭਵਾਨੀਗੜ੍ਹ ਵਿਖੇ ਸ਼ਰੋਮਣੀ ਅਕਾਲੀ ਦਲ ਦੀ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸ੍ਰੀ ਅਰਵਿੰਦ ਖੰਨਾ ਨੇ ਪਾਰਟੀ ਵਰਕਰਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਕਿਹਾ ਕਿ ਚੋਣ ਨਤੀਜੇ ਜੋ ਵੀ ਰਹੇ ਹੋਣ ਪ੍ਰੰਤੂ ਵਰਕਰਾਂ ਦੀ ਮਿਹਨਤ ਅਤੇ ਜਜ਼ਬਾ ਕਾਬਿਲ ਏ ਤਾਰੀਫ਼ ਹੈ। ਉਨ੍ਹਾਂ ਵਰਕਰਾਂ ਨੂੰ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਇਸੇ ਤਰ੍ਹਾਂ ਇਕਜੁੱਟ ਹੋ ਕੇ ਕੰਮ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਹਮੇਸ਼ਾਂ ਹੀ ਆਪਣਾ ਜੋਸ਼ ਬਣਾਈ ਰੱਖਣਾ ਹੈ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਹੋਏ ਸ਼ਰੋਮਣੀ ਅਕਾਲੀ ਦਲ ਪਾਰਟੀ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਮੀਟਿੰਗ ਵਿੱਚ ਪਾਰਟੀ ਦੀਆਂ ਭਵਿੱਖੀ ਗਤੀਵਿਧੀਆਂ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵਿਚਾਰ—ਚਰਚਾ ਕੀਤੀ। ਸ੍ਰੀ ਅਰਵਿੰਦ ਖੰਨਾ ਨੇ ਕਿਹਾ ਕਿ ਵਰਕਰ ਕਿਸੇ ਵੀ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਅਤੇ ਵਰਕਰਾਂ ਦੇ ਸਹਿਯੋਗ ਸਦਕਾ ਹੀ ਪਾਰਟੀ ਮਜ਼ਬੂਤ ਹੁੰਦੀ ਹੈ। ਇਸ ਲਈ ਹਰ ਇੱਕ ਵਰਕਰ ਨੂੰ ਆਪਣੀ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਚਾਹੀਦਾ ਹੈ। ਵਰਕਰਾਂ ਨੇ ਪਾਰਟੀ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਆਉਣ ਵਾਲੇ ਸਮੇਂ ਵਿੱਚ ਹੋਰ ਮਿਹਨਤ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਆਗੂ ਮੌਜੂਦ ਸਨ।



## 10 ਜੂਨ ਨੂੰ ਮੋਗਾ ਵਿਖੇ ਲੱਗੇਗੀ ਸਰਕਾਰੀ ਕਰਮੀਆਂ ਲਈ ਪੈਨਸ਼ਨ ਅਦਾਲਤ

ਮੋਗਾ, 04 ਜੂਨ {ਰੀਸੈਂਟ ਟਾਈਮਜ਼}ਪੰਜਾਬ ਦਾ ਲੇਖਾਕਾਰ ਦਫ਼ਤਰ ਰਾਜ ਸਰਕਾਰ ਦੇ ਤਾਲਮੇਲ ਨਾਲ ਰਾਜ ਭਰ ਵਿੱਚ ਨਿਯਮਤ ਪੈਨਸ਼ਨ ਅਦਾਲਤਾਂ ਦਾ ਆਯੋਜਨ ਕਰਦਾ ਹੈ। ਮੌਜੂਦਾ ਤਿਮਾਹੀ ਲਈ, ਪੈਨਸ਼ਨ ਅਦਾਲਤ 10 ਜੂਨ 2026 ਨੂੰ ਸਵੇਰੇ 10 ਵਜੇ ਤੋਂ ਦੁਪਹਿਰ 01 ਵਜੇ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਸਤਲੁਜ ਬਲਾਕ ਪਹਿਲੀ ਮੰਜਿਲ ਕਮਰਾ ਨੰ. ਏ-103 ਦਫਤਰ ਡਿਪਟੀ ਕਮਿਸ਼ਨਰ ਮੋਗਾ ਦੇ ਮੀਟਿੰਗ ਹਾਲ ਵਿਖੇ ਲਗਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਪੈਨਸ਼ਨ ਅਦਾਲਤ ਦਾ ਮੁੱਖ ਉਦੇਸ਼ ਪੰਜਾਬ ਦੇ ਸਰਕਾਰੀ ਮੁਲਾਜਮ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨਾ ਹੈ। ਇਸ ਸਮਾਗਮ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ, ਪੈਨਸ਼ਨ ਮਨਜ਼ੂਰੀ ਅਥਾਰਟੀਆਂ/ਡੀਡੀਓ, ਜ਼ਿਲ੍ਹਾ ਖਜ਼ਾਨਾ ਦਫਤਰ, ਸਰਕਾਰੀ ਬੈਂਕਾਂ ਪੰਜਾਬ ਦੇ ਅਧਿਕਰੀਆਂ ਦੇ ਹੱਲ ਲਈ ਮੌਜੂਦ ਰਹਿਣਗੇ।ਇਹ ਅਦਾਲਤ ਵਿੱਚ ਸ਼ਿਕਾਇਤਾਂ ਦਾ ਹੱਲ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ ਕੀਤਾ ਜਾਵੇਗਾ।



# ਸਿਵਲ ਸਰਜਨ ਵਲੋਂ ਲੋਕਾਂ ਨੂੰ 'ਟੀ.ਬੀ. ਮੁਕਤ ਭਾਰਤ' ਐਪ ਵਰਤਣ ਦੀ ਅਪੀਲ



ਮੋਹਾਲੀ ,4 ਜੂਨ ( ਅਸ਼ੋਕ ਜੋਸ਼ੀ )ਭਾਰਤ ਸਰਕਾਰ ਵਲੋਂ ਰਾਸ਼ਟਰੀ ਤਪਦਿਕ ਖ਼ਾਤਮਾ ਪ੍ਰੋਗਰਾਮ ਤਹਿਤ ਹਾਲ ਹੀ ਵਿਚ "ਟੀ.ਬੀ. ਮੁਕਤ ਭਾਰਤ" ਐਪ ਸ਼ੁਰੂ ਕੀਤਾ ਗਿਆ ਹੈ ਤਾਕਿ ਜਾਗਰੂਕਤਾ ਦਾ ਸੁਨੇਹਾ ਵੱਧ ਤੋਂ ਵੱਧ ਫੈਲ ਸਕੇ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਇਹ ਐਪ ਐਂਡਰਾਇਡ ਮੋਬਾਈਲ ਫ਼ੋਨਾਂ ਲਈ ਪਲੇਅ ਸਟੋਰ 'ਤੇ ਉਪਲਬਧ ਹੈ ਅਤੇ ਹਰ ਨਾਗਰਿਕ ਨੂੰ ਇਸ ਦੀ ਵਰਤੋਂ ਕਰ ਕੇ ਟੀਬੀ ਖ਼ਾਤਮੇ ਦੀ ਮੁਹਿੰਮ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਡਾ. ਜੈਨ ਨੇ ਕਿਹਾ ਕਿ "ਟੀ.ਬੀ. ਮੁਕਤ ਭਾਰਤ" ਐਪ ਟੀਬੀ ਖਾਤਮੇ ਲਈ ਮਹੱਤਵਪੂਰਨ ਡਿਜੀਟਲ ਪਲੇਟਫਾਰਮ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਐਪ ਟੀਬੀ ਮਰੀਜ਼ਾਂ, ਸਿਹਤ ਕਰਮਚਾਰੀਆਂ, ਵਲੰਟੀਅਰਾਂ ਅਤੇ ਨਿਕਸ਼ੇ ਮਿੱਤਰਾਂ ਨੂੰ ਇੱਕੋ ਮੰਚ 'ਤੇ ਜੋੜ ਕੇ ਮਰੀਜ਼ਾਂ ਦੀ ਨਿਰੰਤਰ ਨਿਗਰਾਨੀ, ਇਲਾਜ ਦੀ ਪ੍ਰਗਤੀ ਅਤੇ ਪੋਸ਼ਣ ਸਹਾਇਤਾ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਏਗੀ। ਸਿਵਲ ਸਰਜਨ ਨੇ ਦੱਸਿਆ ਕਿ ਐਪ ਵਿੱਚ ਏ.ਆਈ. ਆਧਾਰਤ 'ਖ਼ੁਸ਼ੀ' (ਈ-ਸੰਗਿਨੀ)' ਫ਼ੀਚਰ ਵੀ ਸ਼ਾਮਲ ਹੈ, ਜਿਸ ਰਾਹੀਂ ਲੋਕ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਟੀਬੀ ਸਬੰਧੀ ਆਪਣੇ ਸਵਾਲਾਂ ਦੇ ਤੁਰੰਤ ਅਤੇ ਸਹੀ ਜਵਾਬ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿਚ 100 ਦਿਨਾ ਤੀਬਰ ਰੋਕਥਾਮ ਮੁਹਿੰਮ ਪੂਰੀ ਤੇਜ਼ੀ ਨਾਲ ਚੱਲ ਰਹੀ ਹੈ ਜਿਸ ਤਹਿਤ ਸਿਹਤ ਟੀਮਾਂ ਵਲੋਂ ਘਰ-ਘਰ ਜਾ ਕੇ ਲੋਕਾਂ ਨੂੰ ਟੀ.ਬੀ. ਦੇ ਲੱਛਣਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਕੈਂਪਾਂ ਵਿਚ ਸ਼ੱਕੀ ਮਰੀਜ਼ਾਂ ਦੀ ਮੌਕੇ 'ਤੇ ਹੀ ਐਕਸਰੇ ਜਾਂਚ ਕੀਤੀ ਜਾਂਦੀ ਹੈ ਅਤੇ ਤੁਰੰਤ ਰਜਿਸਟਰੇਸ਼ਨ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਟੀਬੀ ਦਾ ਪੱਕਾ ਇਲਾਜ ਮੌਜੂਦ ਹੈ ਅਤੇ ਇਹ ਬੀਮਾਰੀ ਹੋਣ 'ਤੇ ਘਬਰਾਉਣ ਦੀ ਲੋੜ ਨਹੀਂ। ਹਰ ਸਰਕਾਰੀ ਸਿਹਤ ਸੰਸਥਾ ਵਿਚ ਡਾਟਸ ਪ੍ਰਣਾਲੀ ਰਾਹੀਂ ਇਸ ਦਾ ਬਿਲਕੁਲ ਮੁਫ਼ਤ ਇਲਾਜ ਹੁੰਦਾ ਹੈ। ਇਹ ਬੀਮਾਰੀ ਕਿਸੇ ਵੀ ਉਮਰ ਦੇ ਵਿਅਕਤੀ ਨੂੰ ਕਿਸੇ ਵੀ ਸਮੇਂ ਹੋ ਸਕਦੀ ਹੈ ਲ ਜ਼ਿਕਰਯੋਗ ਹੈ ਕਿ ਦੋ ਹਫ਼ਤੇ ਪੁਰਾਣੀ ਖੰਘ, ਵਜ਼ਨ ਘਟਣਾ, ਭੁੱਖ ਘੱਟ ਲੱਗਣੀ, ਬਲਗਮ ਵਿਚ ਖ਼ੂਨ ਆਉਣਾ, ਸ਼ਾਮ ਸਮੇਂ ਬੁਖ਼ਾਰ, ਥਕਾਵਟ ਮਹਿਸੂਸ ਹੋਣਾ, ਵਾਰ ਵਾਰ ਪਸੀਨਾ ਆਉਣਾ ਟੀਬੀ ਦੇ ਸੰਕੇਤ ਅਤੇ ਲੱਛਣ ਹੋ ਸਕਦੇ ਹਨ। ਟੀਬੀ ਸਬੰਧੀ ਜਾਣਕਾਰੀ ਅਤੇ ਸਹਾਇਤਾ ਲਈ ਰਾਸ਼ਟਰੀ ਟੀਬੀ ਹੈਲਪਲਾਈਨ ਨੰਬਰ 1800-11-6666 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸੇਵਾਮੁਕਤ ਆਈਏਐਸ ਅਧਿਕਾਰੀ ਸੰਜੇ ਗੁਪਤਾ ਨੇ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ



ਮੋਹਾਲੀ , 4 ਜੂਨ ( ਅਸ਼ੋਕ ਜੋਸ਼ੀ )ਸੇਵਾਮੁਕਤ ਆਈਏਐਸ ਅਧਿਕਾਰੀ ਸ੍ਰੀ ਸੰਜੇ ਗੁਪਤਾ ਨੇ ਅੱਜ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ (ਪੀ.ਐਸ.ਈ.ਆਰ.ਸੀ.) ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ। ਪੰਜਾਬ ਦੇ ਬਿਜਲੀ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਵਿਕਾਸ ਭਵਨ, ਮੋਹਾਲੀ ਵਿਖੇ ਸ੍ਰੀ ਸੰਜੇ ਗੁਪਤਾ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਸ੍ਰੀ ਗੁਪਤਾ 1988 ਬੈਚ ਦੇ ਸੇਵਾਮੁਕਤ ਆਈਏਐਸ ਅਧਿਕਾਰੀ ਰਹੇ ਹਨ, ਜਿਨ੍ਹਾਂ ਨੇ ਹਿਮਾਚਲ ਪ੍ਰਦੇਸ਼ ਦੇ ਮੁੱਖ ਸਕੱਤਰ ਅਤੇ ਕਈ ਹੋਰ ਪ੍ਰਮੁੱਖ ਅਹੁਦਿਆਂ 'ਤੇ ਵੀ ਸੇਵਾ ਨਿਭਾਈ ਹੈ। ਸ੍ਰੀ ਗੁਪਤਾ ਨੂੰ ਵੱਕਾਰੀ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੰਦਿਆਂ ਬਿਜਲੀ ਮੰਤਰੀ ਸ. ਸੌਂਦ ਨੇ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦਾ ਵਿਸ਼ਾਲ ਪ੍ਰਸ਼ਾਸਕੀ ਤਜਰਬਾ ਅਤੇ ਸ਼ਾਸਨ ਦੀ ਡੂੰਘੀ ਸਮਝ ਪੰਜਾਬ ਵਿੱਚ ਬਿਜਲੀ ਸੈਕਟਰ ਦੇ ਰੈਗੂਲੇਟਰੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਪਾਰਦਰਸ਼ੀ, ਖਪਤਕਾਰ-ਅਨੁਕੂਲ ਅਤੇ ਕੁਸ਼ਲ ਢੰਗ ਨਾਲ ਬਿਜਲੀ ਰੈਗੂਲੇਸ਼ਨ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਇਨ੍ਹਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਕਮਿਸ਼ਨ ਦੀ ਭੂਮਿਕਾ ਵਧੇਰੇ ਮਹੱਤਵਪੂਰਨ ਹੈ। ਇਸ ਮੌਕੇ ਨਵ-ਨਿਯੁਕਤ ਚੇਅਰਪਰਸਨ ਸੰਜੇ ਗੁਪਤਾ ਨੇ ਉਨ੍ਹਾਂ ਵਿੱਚ ਵਿਸ਼ਵਾਸ ਜਤਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਕਮਿਸ਼ਨ, ਬਿਜਲੀ ਐਕਟ 2003 ਦੇ ਉਪਬੰਧਾਂ ਅਨੁਸਾਰ ਕੰਮ ਕਰਨਾ ਜਾਰੀ ਰੱਖੇਗਾ ਅਤੇ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਬਿਜਲੀ ਖੇਤਰ ਦੇ ਸਮੁੱਚੇ ਵਿਕਾਸ ਨੂੰ ਉਤਸ਼ਾਹਿਤ ਕਰੇਗਾ। ਸ੍ਰੀ ਗੁਪਤਾ ਨੇ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਲਈ ਕੰਮ ਕਰਨਗੇ ਕਿ ਜਿੰਨਾ ਸੰਭਵ ਹੋ ਸਕੇ ਬਿਜਲੀ ਕੱਟ ਘੱਟ ਤੋਂ ਘੱਟ ਲੱਗਣ ਅਤੇ ਖਪਤਕਾਰਾਂ ਲਈ ਗੁਣਵੱਤਾ ਵਾਲੀ ਬਿਜਲੀ ਉਪਲੱਬਧ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਟਰਾਂਸਮਿਸ਼ਨ ਲੌਸਿਜ਼ ਨੂੰ ਕੰਟਰੋਲ ਅਤੇ ਮੁੱਦਿਆਂ ਨੂੰ ਹੱਲ ਕਰਕੇ ਲੋੜੀਂਦੇ ਨਤੀਜੇ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਮੌਕੇ ਪੀ.ਐਸ.ਪੀ.ਸੀ.ਐਲ. ਦੇ ਸੀਐਮਡੀ ਡਾ. ਬਸੰਤ ਗਰਗ, ਮੈਂਬਰ ਪੀ.ਐਸ.ਈ.ਆਰ.ਸੀ. ਰਵਿੰਦਰ ਸਿੰਘ ਸੈਣੀ ਅਤੇ ਰਵੀ ਕੁਮਾਰ, ਡਾਇਰੈਕਟਰ ਡਿਸਟ੍ਰੀਬਿਊਸ਼ਨ ਇੰਦਰਪਾਲ ਸਿੰਘ ਸਮੇਤ ਬਿਜਲੀ ਵਿਭਾਗ, ਪੀ.ਐਸ.ਈ.ਆਰ.ਸੀ. ਦੇ ਹੋਰ ਸੀਨੀਅਰ ਅਧਿਕਾਰੀ, ਨਵ-ਨਿਯੁਕਤ ਚੇਅਰਪਰਸਨ ਦੇ ਪਰਿਵਾਰਕ ਮੈਂਬਰ ਅਤੇ ਹੋਰ ਪਤਵੰਤੇ ਮੌਜੂਦ ਸਨ।

# ਪਿੰਡ ਬਲਿਆਲ ਦੀ ਤਕਦੀਰ ਬਦਲਣ ਦਾ ਅਹਿਦ-ਮਿੰਕੂ ਜਵੰਧਾ ਨੇ ਲੋਕਾਂ ਨਾਲ ਬੈਠ ਕੇ ਸੁਣੀਆਂ ਸਮੱਸਿਆਵਾਂ



ਭਵਾਨੀਗੜ੍ਹ, 4 ਜੂਨ (ਜਤਿੰਦਰ ਸ਼ੈਟੀ ) – ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਅੱਜ ਪਿੰਡ ਬਲਿਆਲ ਪਹੁੰਚੇ ਅਤੇ ਉੱਥੋਂ ਦੇ ਵਾਸੀਆਂ ਨਾਲ ਖੁੱਲ੍ਹ ਕੇ ਮੁਲਾਕਾਤ ਕੀਤੀ। ਇਹ ਕੋਈ ਰਸਮੀ ਦੌਰਾ ਨਹੀਂ ਸੀ, ਸਗੋਂ ਲੋਕਾਂ ਦੇ ਦਰਾਂ 'ਤੇ ਜਾ ਕੇ ਉਨ੍ਹਾਂ ਦੀਆਂ ਲੋੜਾਂ ਅਤੇ ਸੁਝਾਅ ਸੁਣਨ ਦੀ ਇੱਕ ਸੱਚੀ ਕੋਸ਼ਿਸ਼ ਸੀ। ਡਾ. ਮਿੰਕੂ ਜਵੰਧਾ ਨੇ ਪਿੰਡ ਦੇ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਬਾਰੇ ਇਲਾਕਾ ਨਿਵਾਸੀਆਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਨੋਟ ਕੀਤਾ। ਇਸ ਮੌਕੇ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਸਭ ਦੇ ਸਾਂਝੇ ਸਹਿਯੋਗ ਨਾਲ ਪਿੰਡ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾਵੇਗਾ। ਡਾ. ਜਵੰਧਾ ਨੇ ਕਿਹਾ ਕਿ ਪਿੰਡਾਂ ਦੀ ਤਰੱਕੀ ਹੀ ਅਸਲ ਪੰਜਾਬ ਦੀ ਤਰੱਕੀ ਹੈ। ਜਦੋਂ ਤੱਕ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ, ਰੁਜ਼ਗਾਰ ਅਤੇ ਸਿੱਖਿਆ ਦਾ ਪ੍ਰਬੰਧ ਨਹੀਂ ਹੁੰਦਾ, ਉਦੋਂ ਤੱਕ ਵਿਕਾਸ ਦੀਆਂ ਗੱਲਾਂ ਅਧੂਰੀਆਂ ਹਨ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਅਤੇ ਸੁਝਾਅ ਉੱਚ ਪੱਧਰ 'ਤੇ ਪਹੁੰਚਾਏ ਜਾਣਗੇ ਅਤੇ ਹੱਲ ਕਰਵਾਉਣ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ ਇਸ ਮੌਕੇ ਆਪ ਦੇ ਸਮਰਪਿਤ ਵਰਕਰ ਗੁਰਜੰਟ ਸਿੰਘ, ਬਿਕਰਮ ਸਿੰਘ (ਮੈਂਬਰ), ਰਾਮਪਾਲ ਸਿੰਘ, ਸੁਖਵਿੰਦਰ ਸਿੰਘ, ਰਜਿੰਦਰ ਸਿੰਘ, ਪਰਮਜੀਤ ਸਿੰਘ, ਤੁਰ੍ਹਾ ਸਿੰਘ, ਸਤਿਗੁਰ ਸਿੰਘ ਅਤੇ ਜਰਨੈਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਰਹੇ। ਸਭ ਨੇ ਡਾ. ਜਵੰਧਾ ਦੇ ਇਸ ਲੋਕ-ਪੱਖੀ ਯਤਨ ਦੀ ਸ਼ਲਾਘਾ ਕੀਤੀ ਅਤੇ ਵਿਕਾਸ ਕਾਰਜਾਂ ਵਿੱਚ ਪੂਰਾ ਸਹਿਯੋਗ ਦੇਣ ਦਾ ਵਚਨ ਦਿੱਤਾ।

## ਟੀ. ਬੀ ਕੰਟਰੋਲ ਕੰਪੇਨ ਤਹਿਤ ਆਸ਼ਾ ਨੂੰ ਕੀਤਾ ਜਾਗਰੂਕ

# ਟੀ. ਬੀ ਪੂਰੀ ਤਰ੍ਹਾਂ ਇਲਾਜਯੋਗ ਹੈ-ਐਸ. ਐਮ ਓ ਡਾ. ਭਿੰਡਰ



ਸੰਦੌੜ 4 ਜੂਨ (ਰੀਸੈਂਟ ਟਾਈਮਜ਼) ਸਿਵਲ ਸਰਜਨ ਮਾਲੇਰਕੋਟਲਾ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ.ਜੀ ਐਸ ਭਿੰਡਰ ਦੀ ਅਗਵਾਈ ਹੇਠ ਸਿਹਤ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਟੀ. ਬੀ ਮੁਕਤ ਭਾਰਤ ਅਭਿਆਨ ਤਹਿਤ ਆਸ਼ਾ ਨੂੰ ਟੀ. ਬੀ ਰੋਕਥਾਮ ਲਈ ਜਾਗਰੂਕ ਕੀਤਾ ਗਿਆ, ਇਸ ਮੌਕੇ ਹਾਜ਼ਰ ਆਸ਼ਾ ਨੂੰ ਸੰਬੋਧਨ ਕਰਦਿਆਂ ਬਲਾਕ ਟੀ.ਬੀ ਕੰਟਰੋਲ ਯੂਨਿਟ ਇੰਚਾਰਜ ਰਾਜੇਸ਼ ਰਿਖੀ ਨੇ ਕਿਹਾ ਕੇ ਆਸ਼ਾ ਵੱਲੋਂ ਟੀ. ਬੀ. ਦੀ ਰੋਕਥਾਮ ਲਈ ਫ਼ੀਲਡ ਵਿੱਚ ਸਰਵੇ ਦੌਰਾਨ ਵਧੀਆ ਕੰਮ ਕੀਤਾ ਜਾ ਰਿਹਾ ਹੈ ਉਹਨਾਂ ਦੱਸਿਆ ਕੇ ਆਪਣੇ ਸਰਵੇ ਦੌਰਾਨ ਜ਼ੇਕਰ ਕੋਈ ਸ਼ੱਕੀ ਮਰੀਜ ਸਾਹਮਣੇ ਆਉਂਦਾ ਹੈ ਤਾਂ ਉਸਦੀ ਬਲਗਮ ਜਾਂਚ ਜਰੂਰ ਕਰਵਾਈ ਜਾਵੇ ਤਾਂ ਜੋ ਸਮੇਂ ਸਿਰ ਟੀ ਬੀ ਦਾ ਇਲਾਜ ਸ਼ੁਰੂ ਹੋ ਸਕੇ, ਉਹਨਾਂ ਕਿਹਾ ਕਿ ਬਲਾਕ ਪੰਜਗਰਾਈਆਂ ਦੇ ਟੀ. ਬੀ ਰੋਕਥਾਮ ਯੂਨਿਟ ਵੱਲੋਂ ਮਰੀਜਾਂ ਦੇ ਇਲਾਜ ਅਤੇ ਜਾਂਚ ਲਈ ਗੰਭੀਰਤਾ ਦੇ ਨਾਲ ਕੰਮ ਕੀਤਾ ਜਾ ਰਿਹਾ ਅਤੇ ਬਲਾਕ ਲੈਬ ਵਿੱਚ ਆਧੁਨਿਕ ਮਸ਼ੀਨਾਂ ਨਾਲ ਬਲਗਮ ਦੀ ਜਾਂਚ ਮੁਫ਼ਤ ਕੀਤੀ ਜਾਂਦੀ ਹੈ ਙ ਇਸ ਮੌਕੇ ਗੱਲਬਾਤ ਕਰਦਿਆਂ ਐਸ ਐਮ ਓ ਡਾ. ਜੀ ਐਸ ਭਿੰਡਰ ਨੇ ਕਿਹਾ ਕਿ ਟੀ. ਬੀ ਪੂਰੀ ਤਰ੍ਹਾਂ ਇਲਾਜਯੋਗ ਹੈ, ਮਰੀਜ ਨੂੰ ਚੰਗੀ ਖੁਰਾਕ ਦੀ ਲੋੜ ਹੁੰਦੀ ਹੈ ਅਤੇ ਦਵਾਈ ਦੇ ਵਿੱਚ ਬਿਲਕੁਲ ਵੀ ਨਾਗਾ ਨਹੀਂ ਪਾਉਣਾ ਚਾਹੀਦਾ ਅਤੇ ਸਮੇਂ ਸਮੇਂ ਸਿਰ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ ਅਜਿਹਾ ਕਰਨ ਨਾਲ ਟੀ. ਬੀ ਤੋਂ ਮੁਕਤ ਹੋਇਆ ਜਾ ਸਕਦਾ ਹੈ ਙਇਸ ਮੌਕੇ ਹਰਪ੍ਰੀਤ ਕੌਰ ਬੀ. ਈ. ਈ,ਸੀ ਐਚ ਓ ਪਰਮਿੰਦਰ ਸਿੰਘ, ਸੀ. ਐਚ ਓ ਸੰਦੀਪ ਕੌਰ, ਆਈ. ਏ ਦੀਪਕ ਸ਼ਰਮਾ ਐਲ.ਟੀ ਪ੍ਰਵੀਨ ਖਾਤੂੰਨ, ਏ. ਐਫ ਗੌਰੀ ਬੀਬੀ ਸਮੇਤ ਸੈਕਟਰ ਦੀਆਂ ਸਮੂਹ ਆਸ਼ਾ ਹਾਜ਼ਰ ਸਨ

# ਵਪਾਰੀ-ਪੁਲਿਸ ਮਿਲਣੀ ਪ੍ਰੋਗਰਾਮ ਤਹਿਤ ਐਸ.ਐਸ.ਪੀ. ਮਾਲੇਰਕੋਟਲਾ ਵਪਾਰਕ ਭਾਈਚਾਰੇ ਨਾਲ ਹੋਏ ਰੂਬਰੂ



ਮਾਲੇਰਕੋਟਲਾ, 04 ਜੂਨ : ਮਾਲੇਰਕੋਟਲਾ ਜ਼ਿਲ੍ਹੇ ਵਿੱਚ ਲੋਕ-ਪੁਲਿਸ ਸਾਂਝ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਕਰਵਾਏ ਗਏ "ਵਪਾਰੀ-ਪੁਲਿਸ ਮਿਲਣੀ " ਪ੍ਰੋਗਰਾਮ ਤਹਿਤ ਸੀਨੀਅਰ ਕਪਤਾਨ ਪੁਲਿਸ (ਐਸ.ਐਸ.ਪੀ.) ਮਾਲੇਰਕੋਟਲਾ ਗੁਰਮੀਤ ਸਿੰਘ ਨੇ ਸ਼ਹਿਰ ਦੇ ਪ੍ਰਮੁੱਖ ਕੱਪੜਾ ਵਪਾਰੀਆਂ, ਟਰੇਡ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਅਤੇ ਹੋਰ ਕਾਰੋਬਾਰੀਆਂ ਨਾਲ ਜੁੜੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਵਪਾਰਕ ਭਾਈਚਾਰੇ ਦੀਆਂ ਸਮੱਸਿਆਵਾਂ ਸੁਣਨਾ, ਉਨ੍ਹਾਂ ਦੇ ਸੁਝਾਅ ਪ੍ਰਾਪਤ ਕਰਨਾ ਅਤੇ ਸੁਰੱਖਿਆ ਸਬੰਧੀ ਮੁੱਦਿਆਂ 'ਤੇ ਸਾਂਝੇ ਹੱਲ ਲੱਭਣਾ ਸੀ। ਮੀਟਿੰਗ ਦੌਰਾਨ ਐਸ.ਐਸ.ਪੀ. ਗੁਰਮੀਤ ਸਿੰਘ ਨੇ ਵਪਾਰੀਆਂ ਨਾਲ ਖੁੱਲ੍ਹੇ ਦਿਲ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਵੱਲੋਂ ਉਠਾਏ ਗਏ ਵੱਖ-ਵੱਖ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਿਸ ਵਪਾਰੀਆਂ ਦੀ ਸੁਰੱਖਿਆ, ਕਾਰੋਬਾਰਾਂ ਦੀ ਨਿਰਵਿਘਨ ਕਾਰਗੁਜ਼ਾਰੀ ਅਤੇ ਸ਼ਹਿਰ ਵਿੱਚ ਸ਼ਾਂਤੀਪੂਰਨ ਮਾਹੌਲ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਅਪਰਾਧਿਕ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਪੁਲਿਸ ਵੱਲੋਂ ਨਿਯਮਿਤ ਗਸ਼ਤ, ਸੰਵੇਦਨਸ਼ੀਲ ਖੇਤਰਾਂ ਦੀ ਨਿਗਰਾਨੀ ਅਤੇ ਤੁਰੰਤ ਕਾਰਵਾਈ ਦੀ ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਐਸ.ਐਸ.ਪੀ. ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕਾਰੋਬਾਰੀ ਅਦਾਰਿਆਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਸੁਰੱਖਿਆ ਉਪਾਵਾਂ ਨੂੰ ਅਪਣਾਉਣ ਅਤੇ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਆਮ ਲੋਕਾਂ ਦੇ ਆਪਸੀ ਸਹਿਯੋਗ ਨਾਲ ਹੀ ਅਪਰਾਧ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਪਾਇਆ ਜਾ ਸਕਦਾ ਹੈ। ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜ਼ਮ ਦਾਰਾ ਨੇ ਪੰਜਾਬ ਸਰਕਾਰ, ਜ਼ਿਲ੍ਹਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਵਪਾਰੀਆਂ ਦੀ ਭਲਾਈ ਅਤੇ ਸੁਰੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰਕ ਭਾਈਚਾਰੇ ਨੂੰ ਬਿਹਤਰ ਸਹੂਲਤਾਂ, ਸੁਰੱਖਿਅਤ ਕਾਰੋਬਾਰੀ ਮਾਹੌਲ ਅਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਵਪਾਰੀਆਂ ਨਾਲ ਸਿੱਧੀ ਮਿਲਣੀ ਪ੍ਰੋਗਰਾਮ ਉਲੀਕ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਸਮੇਂ ਸਿਰ ਹੱਲ ਕਰਨ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ। ਆਜ਼ਮ ਦਾਰਾ ਨੇ ਕਿਹਾ ਕਿ ਅਜਿਹੀਆਂ ਮਿਲਣੀਆਂ ਨਾਲ ਵਪਾਰੀਆਂ, ਪੁਲਿਸ ਅਤੇ ਪ੍ਰਸ਼ਾਸਨ ਦਰਮਿਆਨ ਆਪਸੀ ਭਰੋਸਾ ਹੋਰ ਮਜ਼ਬੂਤ ਹੁੰਦਾ ਹੈ, ਜਿਸ ਨਾਲ ਕਾਰੋਬਾਰ ਨੂੰ ਉਤਸ਼ਾਹ ਮਿਲਣ ਦੇ ਨਾਲ-ਨਾਲ ਅਮਨ-ਕਾਨੂੰਨ ਦੀ ਸਥਿਤੀ ਵੀ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਵਪਾਰੀਆਂ ਅਤੇ ਉਦਯੋਗਪਤੀਆਂ ਦੇ ਹਿੱਤਾਂ ਦੀ ਰਾਖੀ ਲਈ ਚੁੱਕੇ ਜਾ ਰਹੇ ਲੋਕ-ਪੱਖੀ ਕਦਮਾਂ ਦੀ ਵੀ ਸਰਾਹਨਾ ਕੀਤੀ। ਮੀਟਿੰਗ ਦੇ ਅੰਤ ਵਿੱਚ ਵਪਾਰੀਆਂ ਨੇ ਪੁਲਿਸ ਪ੍ਰਸ਼ਾਸਨ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਸ਼ਹਿਰ ਵਿੱਚ ਅਮਨ, ਕਾਨੂੰਨ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਿਲ ਕੇ ਕੰਮ ਕਰਨ ਦੀ ਵਚਨਬੱਧਤਾ ਦੁਹਰਾਈ। ਇਸ ਮੌਕੇ ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ ਅਲੀ, ਡੀ.ਐਸ.ਪੀ ਮਾਨਵਜੀਤ ਸਿੰਘ ਮੈਂਬਰ ਮੁਹੰਮਦ ਖਾਲਿਦ, ਯਾਸੀਨ ਜੋਸ਼, ਮੁਹੰਮਦ ਇਮਰਾਨ,ਇਸਵਰ ਅਰੋੜਾ,ਲਲੀਤ ਗੋਇਲ,ਸਾਗਰ ਗੇਰਾ,ਮਨਪ੍ਰੀਤ,ਤਰੁਨ ਜੈਨ ਤੋਂ ਇਲਾਵਾ ਹੋਰ ਵਪਾਰੀ, ਅਧਿਕਾਰੀ ਮੌਜੂਦ ਸਨ ।

# ਚਾਰਧਾਮ ਯਾਤਰਾ 2026 ਸਬੰਧੀ ਸ਼ਰਧਾਲੂਆਂ ਲਈ ਮਹੱਤਵਪੂਰਨ ਐਡਵਾਈਜ਼ਰੀ ਜਾਰੀ



ਮਾਲੇਰਕੋਟਲਾ,04 ਜੂਨ: ਉਤਰਾਖੰਡ ਸਰਕਾਰ ਵੱਲੋਂ ਪ੍ਰਸਿੱਧ ਚਾਰਧਾਮ ਯਾਤਰਾ 2026 ਦੇ ਸੁਚਾਰੂ, ਸੁਰੱਖਿਅਤ ਅਤੇ ਵਿਵਸਥਿਤ ਆਯੋਜਨ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਉਤਰਾਖੰਡ ਦੇ ਮੁੱਖ ਸਕੱਤਰ ਵੱਲੋਂ ਜਾਰੀ ਕੀਤੇ ਗਏ ਅਧਿਕਾਰਿਕ ਡੀ.ਓ. ਪੱਤਰ ਰਾਹੀਂ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਯਾਤਰਾ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਅਤੇ ਹਦਾਇਤਾਂ ਭੇਜੀਆਂ ਗਈਆਂ ਹਨ। ਸਹਾਇਕ ਕਮਿਸ਼ਨਰ (ਜਨਰਲ) ਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਾਰਧਾਮ ਯਾਤਰਾ, ਜਿਸ ਵਿੱਚ ਯਮੁਨੋਤਰੀ, ਗੰਗੋਤਰੀ, ਕੇਦਾਰਨਾਥ ਅਤੇ ਬਦਰੀਨਾਥ ਦੇ ਪਵਿੱਤਰ ਧਾਮ ਸ਼ਾਮਲ ਹਨ, ਇਸ ਸਾਲ 19 ਅਪ੍ਰੈਲ 2026 ਤੋਂ ਸ਼ੁਰੂ ਹੋ ਚੁੱਕੀ ਹੈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਭਰ ਤੋਂ ਲੱਖਾਂ ਸ਼ਰਧਾਲੂ ਇਸ ਪਵਿੱਤਰ ਯਾਤਰਾ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸੁਰੱਖਿਆ, ਸੁਵਿਧਾ ਅਤੇ ਸੁਚਾਰੂ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਉਤਰਾਖੰਡ ਸਰਕਾਰ ਵੱਲੋਂ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਤਹਿਤ ਆਨਲਾਈਨ ਰਜਿਸਟ੍ਰੇਸ਼ਨ ਨੂੰ ਲਾਜ਼ਮੀ ਕੀਤਾ ਗਿਆ ਹੈ, ਤਾਂ ਜੋ ਭੀੜ ਪ੍ਰਬੰਧਨ ਨੂੰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ ਅਤੇ ਹਰ ਸ਼ਰਧਾਲੂ ਦੀ ਸੁਰੱਖਿਆ ਯਕੀਨੀ ਹੋ ਸਕੇ। ਸਹਾਇਕ ਕਮਿਸ਼ਨਰ ਨੇ ਅਪੀਲ ਕੀਤੀ ਕਿ ਸਾਰੇ ਸ਼ਰਧਾਲੂ ਯਾਤਰਾ 'ਤੇ ਜਾਣ ਤੋਂ ਪਹਿਲਾਂ ਆਪਣੀ ਸਿਹਤ ਜਾਂਚ ਕਰਵਾਉਣ, ਮੌਸਮ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਣ ਅਤੇ ਸਾਰੇ ਸਰਕਾਰੀ ਨਿਰਦੇਸ਼ਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸਫਾਈ, ਸੁਰੱਖਿਆ ਨਿਯਮਾਂ ਦੀ ਪਾਲਣਾ, ਨਿਰਧਾਰਤ ਰੂਟਾਂ ਦੀ ਵਰਤੋਂ, ਅਤੇ ਪ੍ਰਸ਼ਾਸਨਿਕ ਹਦਾਇਤਾਂ ਦੀ ਪਾਲਣਾ ਹਰ ਸ਼ਰਧਾਲੂ ਲਈ ਲਾਜ਼ਮੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਐਮਰਜੈਂਸੀ ਸਥਿਤੀ ਵਿੱਚ ਸ਼ਰਧਾਲੂ ਹੈਲਪਲਾਈਨ ਨੰਬਰ 0135-2559898, 2552627 ਜਾਂ ਟੋਲ ਫਰੀ ਨੰਬਰ 1364 'ਤੇ ਸੰਪਰਕ ਕਰ ਸਕਦੇ ਹਨ ।

RNI:PUNBIL/2022/87140,Chief Editor Mamoon Rashid,Contact No 9115136300, Email,recenttimes01@gmail.com,printed at Jagdambey Graphics,stadium road,Malerkotla,,Published from Kuti road,Malerkotla,District Malerkotla
Disclaimer: Recent Times does not take responsibility for the contents(Displays/Classifieds)carried in this newspaper.Readers are requested to verify the content on their own before acting upon

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ-ਡਾ.ਜਮੀਲ ਉਰ ਰਹਿਮਾਨ




ਮਾਲੇਰਕੋਟਲਾ, 04 ਜੂਨ : ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ "ਪਿੰਡਾਂ ਦਾ ਹਾਲ, ਮੁੱਖ ਮੰਤਰੀ ਦੇ ਨਾਲ" ਪ੍ਰੋਗਰਾਮ ਅਧੀਨ "ਪਿੰਡਾਂ ਦੇ ਪਹਿਰੇਦਾਰਾਂ" ਨਾਲ ਸਥਾਨਕ ਪੰਜਾਬ ਉਰਦੂ ਅਕਾਦਮੀ ਵਿਖੇ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਅਗਵਾਈ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਕੀਤੀ, ਉਨ੍ਹਾਂ ਨਸ਼ਾ ਤਸਕਰੀ ਦੀ ਰੋਕਥਾਮ, ਨਸ਼ਾ ਪੀੜਤ ਵਿਅਕਤੀਆਂ ਦੇ ਇਲਾਜ ਅਤੇ ਪੁਨਰਵਾਸ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸਮੀਖਿਆ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਲੰਬੇ ਸਮੇਂ ਤੱਕ ਆਪਣੇ ਕਲਾਤਮਕ ਮਾਧਿਅਮ ਰਾਹੀਂ ਸਮਾਜਿਕ ਬੁਰਾਈਆਂ, ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਪਖੰਡਵਾਦ ਖ਼ਿਲਾਫ਼ ਲੋਕਾਂ ਨੂੰ ਜਾਗਰੂਕ ਕੀਤਾ ਹੈ ਅਤੇ ਹੁਣ ਮੁੱਖ ਮੰਤਰੀ ਵਜੋਂ ਪੰਜਾਬ ਨੂੰ ਨਸ਼ਾ ਮੁਕਤ, ਤੰਦਰੁਸਤ ਅਤੇ ਖੁਸ਼ਹਾਲ ਸੂਬਾ ਬਣਾਉਣ ਲਈ ਦਿਨ-ਰਾਤ ਯਤਨਸ਼ੀਲ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਨਸ਼ਿਆਂ ਦਾ ਖਾਤਮਾ ਕਰਨ ਦੇ ਨਾਲ-ਨਾਲ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਖੇਡਾਂ ਦੇ ਖੇਤਰ ਵਿੱਚ ਵੀ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣਾ ਹੈ। ਉਨ੍ਹਾਂ ਕਿਹਾ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਪੰਜਾਬ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਨਸ਼ਿਆਂ ਦੀ ਸਪਲਾਈ ਲੜੀ ਨੂੰ ਤੋੜਨ ਲਈ ਲਗਾਤਾਰ ਛਾਪੇਮਾਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਡੀ ਗਿਣਤੀ ਵਿੱਚ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਭੇਜਿਆ ਗਿਆ ਹੈ। ਇਸ ਦੇ ਨਾਲ ਹੀ ਸਰਕਾਰੀ ਹਸਪਤਾਲਾਂ, ਓ.ਓ.ਏ.ਟੀ. ਕਲੀਨਿਕਾਂ ਅਤੇ ਨਸ਼ਾ ਛੁਡਾਊ ਕੇਂਦਰਾਂ ਰਾਹੀਂ ਨਸ਼ਾ ਪੀੜਤ ਵਿਅਕਤੀਆਂ ਨੂੰ ਇਲਾਜ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਡਾ. ਜਮੀਲ ਉਰ ਰਹਿਮਾਨ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਦੀਆਂ 35 ਪੰਚਾਇਤਾਂ ਵੱਲੋਂ ਆਪਣੇ ਪਿੰਡਾਂ ਵਿੱਚ ਨਸ਼ਾ ਕਰਨ ਅਤੇ ਵੇਚਣ ਵਾਲੇ ਦਾ ਸਾਥ ਨਾ ਦੇਣ ਦੇ ਮਤੇ ਪਾਸ ਕਰਨਾ ਪੂਰੇ ਪੰਜਾਬ ਲਈ ਇੱਕ ਮਿਸਾਲ ਬਣਿਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਇਹ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ। ਪੰਚਾਇਤਾਂ, ਸਥਾਨਕ ਸੰਸਥਾਵਾਂ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਮੁਹਿੰਮ ਨੂੰ ਹੋਰ ਮਜ਼ਬੂਤੀ ਮਿਲ ਸਕਦੀ ਹੈ। ਡੀ.ਐਸ.ਪੀ. ਮਾਲੇਰਕੋਟਲਾ ਮਾਨਵਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਨਸ਼ਾ ਗਤੀਵਿਧੀ ਦੀ ਜਾਣਕਾਰੀ ਤੁਰੰਤ ਹੈਲਪਲਾਈਨ 97791-00200 'ਤੇ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦਿਵਾਇਆ ਕਿ ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ, ਪ੍ਰਸ਼ਾਸਨ ਅਤੇ ਲੋਕਾਂ ਦੀ ਸਾਂਝੀ ਭਾਗੀਦਾਰੀ ਨਾਲ ਪੰਜਾਬ ਨੂੰ ਨਸ਼ਾ ਮੁਕਤ, ਸੁਰੱਖਿਅਤ, ਤੰਦਰੁਸਤ ਅਤੇ ਰੰਗਲਾ ਪੰਜਾਬ ਬਣਾਉਣ ਦਾ ਸੁਪਨਾ ਜ਼ਰੂਰ ਸਾਕਾਰ ਹੋਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾ. ਹਰੀਪਾਲ ਸਿੰਘ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ, ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਨਿਸਾਰ ਅਹਿਮਦ, ਕੁਆਰਡੀਨੇਟਰ ਨਸ਼ਾ ਛੁੜਾਊ ਕਮੇਟੀ ਸਿੰਗਾਰਾ ਸਿੰਘ, ਬਲਾਕ ਕੁਆਰਡੀਨੇਟਰ ਮੁਹੰਮਦ ਅਨਵਰ, ਪ੍ਰਧਾਨ ਟਰੱਕ ਯੂਨੀਅਨ ਸੰਦੌੜ ਚਰਨਜੀਤ ਸਿੰਘ ਚੀਮਾਂ, ਪ੍ਰਧਾਨ ਟਰੱਕ ਯੂਨੀਅਨ ਮਾਲੇਰਕੋਟਲਾ ਨਰਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਸੈਦਾ ਪਰਵੀਨ, ਫੀਲਡ ਐਗਜ਼ੀਕਿਊਟਿਵ ਸੁਖਵਿੰਦਰ ਸਿੰਘ ਅਤੇ ਵੱਖ-ਵੱਖ ਵਾਰਡਾਂ ਤੇ ਪਿੰਡਾਂ ਦੇ ਪਹਿਰੇਦਾਰ ਹਾਜ਼ਰ ਸਨ। ਸਮਾਗਮ ਦੌਰਾਨ "ਪਿੰਡਾਂ ਦੇ ਪਹਿਰੇਦਾਰਾਂ" ਨੂੰ ਫੋਟੋ ਸਨਾਖਤੀ ਕਾਰਡ ਵੀ ਤਕਸੀਮ ਕੀਤੇ ਗਏ।

# ਸਹਾਇਕ ਜੇਲ ਸੁਪਰਡੈਂਟ ਸੁਰਜੀਤ ਸਿੰਘ 32 ਸਾਲ ਦੀ ਬੇਦਾਗ ਸੇਵਾ ਤੋਂ ਸੇਵਾ ਮੁਕਤ



ਮਲੇਰਕੋਟਲਾ/ਲੁਧਿਆਣਾ,04 ਜੂਨ (ਗੁਰਤੇਜ ਜੋਸ਼ੀ) ਪੰਜਾਬ ਜੇਲ ਵਿਭਾਗ ਵਿੱਚ ਇਮਾਨਦਾਰੀ, ਅਨੁਸ਼ਾਸਨ ਅਤੇ ਨਿਸ਼ਠਾ ਨਾਲ ਆਪਣੀ ਡਿਊਟੀ ਨਿਭਾਉਣ ਵਾਲੇ ਸਹਾਇਕ ਜੇਲ ਸੁਪਰਡੈਂਟ ਸੁਰਜੀਤ ਸਿੰਘ 32 ਸਾਲ ਦੀ ਲੰਬੀ ਅਤੇ ਬੇਦਾਗ ਸਰਕਾਰੀ ਨੌਕਰੀ ਪੂਰੀ ਕਰਨ ਉਪਰੰਤ ਸੇਵਾ ਮੁੱਕਤ ਹੋ ਗਏ। ਉਨ੍ਹਾਂ ਦੀ ਰਿਟਾਇਰਮੈਂਟ ਮੌਕੇ ਜੇਲ ਪ੍ਰਸ਼ਾਸਨ ਵੱਲੋਂ ਇਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉੱਚ ਅਧਿਕਾਰੀਆਂ ਅਤੇ ਸਾਥੀ ਕਰਮਚਾਰੀਆਂ ਨੇ ਹਾਜ਼ਰੀ ਲਗਾਈ।ਸੁਰਜੀਤ ਸਿੰਘ ਨੇ ਆਪਣੀ ਸੇਵਾ ਦੌਰਾਨ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਤਨਦੇਹੀ ਅਤੇ ਇਮਾਨਦਾਰੀ ਨਾਲ ਡਿਊਟੀ ਨਿਭਾਈ। ਉਨ੍ਹਾਂ ਨੇ ਹਰ ਜਗ੍ਹਾ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਅਤੇ ਕੈਦੀਆਂ ਦੇ ਸੁਧਾਰ ਲਈ ਮਹੱਤਵਪੂਰਨ ਯੋਗਦਾਨ ਪਾਇਆ। ਉਨ੍ਹਾਂ ਦੀ ਡਿਊਟੀ ਪ੍ਰਤੀ ਲਗਨ ਅਤੇ ਨਿਰਪੱਖ ਕੰਮਕਾਜ ਕਾਰਨ ਉਹ ਆਪਣੇ ਸਾਥੀਆਂ ਅਤੇ ਉੱਚ ਅਧਿਕਾਰੀਆਂ ਵਿੱਚ ਖਾਸ ਮਕਾਮ ਬਣਾਉਣ ਵਿੱਚ ਕਾਮਯਾਬ ਰਹੇ।ਸਮਾਗਮ ਦੌਰਾਨ ਉੱਚ ਅਧਿਕਾਰੀਆਂ ਨੇ ਸੁਰਜੀਤ ਸਿੰਘ ਦੀ ਸੇਵਾ ਦੀ ਖੂਬ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਸੁਰਜੀਤ ਸਿੰਘ ਵਰਗੇ ਅਫਸਰ ਵਿਭਾਗ ਲਈ ਪ੍ਰੇਰਣਾ ਸਰੋਤ ਹੁੰਦੇ ਹਨ, ਜੋ ਆਪਣੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨੌਜਵਾਨ ਕਰਮਚਾਰੀਆਂ ਨੂੰ ਸਹੀ ਦਿਸ਼ਾ ਦਿਖਾਉਂਦੇ ਹਨ। ਇਸ ਮੌਕੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਆਪਣੇ ਸੰਬੋਧਨ ਵਿੱਚ ਸੁਰਜੀਤ ਸਿੰਘ ਨੇ ਵਿਭਾਗ ਵਿੱਚ ਬਿਤਾਏ ਸਮੇਂ ਨੂੰ ਯਾਦ ਕਰਦਿਆਂ ਕਿਹਾ ਕਿ ਇਹ 32 ਸਾਲਾਂ ਦਾ ਸਫ਼ਰ ਉਨ੍ਹਾਂ ਲਈ ਮਾਣ ਅਤੇ ਸਿਖਲਾਈ ਭਰਿਆ ਰਿਹਾ। ਉਨ੍ਹਾਂ ਨੇ ਆਪਣੇ ਸਾਥੀਆਂ ਅਤੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਹਰ ਮੌਕੇ ਉਨ੍ਹਾਂ ਦਾ ਸਾਥ ਦਿੱਤਾ।ਸਮਾਗਮ ਦੇ ਅੰਤ ਵਿੱਚ ਸਾਰੇ ਸਟਾਫ਼ ਵੱਲੋਂ ਸੁਰਜੀਤ ਸਿੰਘ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ ਗਈ। ਇਸ ਮੌਕੇ ਏਆਈਜੀ ਕੁਲਵੰਤ ਸਿੰਘ ਸਿੱਧੂ ਤੋਂ ਇਲਾਵਾ ਸਮੂੰਹ ਜੇਲ ਸਟਾਫ ਅਤੇ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ।

# ਆਮ ਲੋਕ ਸਥਾਈ ਲੋਕ ਅਦਾਲਤ ਮੋਗਾ ਦਾ ਵੱਧ ਤੋਂ ਵੱਧ ਲਾਭ ਉਠਾਉਣ- ਨੀਲਮ ਅਰੋੜਾ, ਜ਼ਿਲ੍ਹਾ ਤੇ ਸੈਸ਼ਨ ਜੱਜ



ਮੋਗਾ, 4 ਜੂਨ{ਰੀਸੈਂਟ ਟਾਈਮਜ਼}ਨੀਲਮ ਅਰੋੜਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਕਾਨੂੰਨੀ ਸੇਵਾਵਾਂ ਅਥਾਰਟੀਜ਼ (ਅਮੈਂਡਮੈਂਟ ਐਕਟ), 2002 ਅਨੁਸਾਰ ਮੋਗਾ ਵਿਖੇ ਜ਼ਿਲ੍ਹਾ ਪੱਧਰ ਤੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਚਲ ਰਹੀ ਹੈ, ਜੋ ਕਿ ਡਾ: ਅੰਬੇਦਕਰ ਭਵਨ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਫਿਰੋਜ਼ਪੁਰ ਜੀ.ਟੀ. ਰੋਡ ਮੋਗਾ ਵਿਖੇ ਕੰਮ ਕਰ ਰਹੀ ਹੈ, ਜੋ ਕਿ ਰੋਜ਼ਾਨਾ ਦਫਤਰੀ ਕੰਮ-ਕਾਜ ਵਾਲੇ ਦਿਨ ਕੰਮ ਕਰਦੀ ਹੈ।ਉਹਨਾਂ ਦੱਸਿਆ ਕਿ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਬਿਜਲੀ ਸੇਵਾਵਾਂ, ਪਾਣੀ ਦੀ ਸਪਲਾਈ ਅਤੇ ਸੀਵਰੇਜ ਵਿਭਾਗ ਸਬੰਧੀ, ਕੁਦਰਤੀ ਸਾਧਨਾਂ ਦੀ ਸੁਰੱਖਿਆ ਜਾਂ ਸੈਨੀਟੇਸ਼ਨ ਸਬੰਧੀ, ਪੋਸਟਲ, ਟੈਲੀਗ੍ਰਾਫ ਜਾਂ ਟੈਲੀਫੋਨ ਵਿਭਾਗ ਸਬੰਧੀ, ਹਸਪਤਾਲ ਜਾਂ ਡਿਸਪੈਂਸਰੀ ਵਿੱਚ ਸੇਵਾਵਾਂ, ਆਵਾਜਾਈ (ਟਰਾਂਸਪੋਰਟ), ਬੈਂਕਿੰਗ, ਹਾਊਸਿੰਗ ਸੇਵਾਵਾਂ, ਫਾਈਨਾਂਸ ਸੇਵਾਵਾਂ, ਸਿੱਖਿਆ ਪ੍ਰਦਾਨ ਕਰਨ ਅਤੇ ਇਸ ਨਾਲ ਜੁੜੇ ਮਾਮਲੇ, ਵੀਜ਼ਾ ਸੇਵਾਵਾਂ ਅਤੇ ਇਸ ਨਾਲ ਜੁੜੇ ਮਾਮਲੇ, ਐੱਲ.ਪੀ.ਜੀ. ਦੇ ਨਵੇਂ ਕੁਨੈਕਸ਼ਨ, ਸਪਲਾਈ, ਰਿਫਿਲਿੰਗ ਅਤੇ ਇਸ ਨਾਲ ਜੁੜੇ ਮਾਮਲੇ, ਆਧਾਰ ਕਾਰਡ, ਰਾਸ਼ਨ ਕਾਰਡ, ਵੋਟਰ ਸ਼ਨਾਖਤੀ ਕਾਰਡ ਅਤੇ ਬੀ.ਪੀ.ਐੱਲ ਕਾਰਡ ਜਾਰੀ ਕਰਨ ਸਬੰਧੀ ਮਾਮਲੇ, ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ, ਸ਼ਗਨ ਸਕੀਮ ਸੇਵਾਵਾਂ ਸਬੰਧੀ ਮਾਮਲੇ, ਜਨਤਕ ਵੰਡ ਪ੍ਰਣਾਲੀ ਸਬੰਧੀ ਸੇਵਾਵਾਂ, ਜਨਮ ਅਤੇ ਮੌਤ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਸੇਵਾਵਾਂ, ਵਿਆਹ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਸੇਵਾਵਾਂ, ਮੋਟਰ ਵਹੀਕਲ ਐਕਟ ਦੀਆਂ ਧਾਰਾਵਾਂ ਅਧੀਨ ਵਾਹਨਾਂ ਦੀ ਰਜਿਸਟ੍ਰੇਸ਼ਨ/ਡਰਾਇਵਿੰਗ ਲਾਇਸੈਂਸ ਜਾਰੀ ਕਰਨ ਸਬੰਧਤ ਸੇਵਾਵਾਂ, ਬੀਮਾ ਕੰਪਨੀਆਂ ਸਬੰਧੀ ਮਾਮਲਿਆਂ ਦੇ ਕੇਸ ਲਗਾਏ ਜਾ ਸਕਦੇ ਹਨ, ਜਿਨ੍ਹਾਂ ਦੀ ਸੁਣਵਾਈ ਇਸ ਲੋਕ ਅਦਾਲਤ ਦੇ ਬੈਂਚ ਵੱਲੋਂ ਕੀਤੀ ਜਾਂਦੀ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਦੱਸਿਆ ਕਿ ਇਸ ਵਿੱਚ ਇੱਕ ਚੇਅਰਮੈਨ ਜੋ ਕਿ ਰਿਟਾਇਰਡ ਜ਼ਿਲ੍ਹਾ ਤੇ ਸੈਸ਼ਨ ਜੱਜ ਹੁੰਦਾ ਹੈ ਅਤੇ ਦੋ ਮੈਂਬਰ ਹੁੰਦੇ ਹਨ। ਉਹਨਾਂ ਦੱਸਿਆ ਕਿ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿੱਚ ਕੇਸ ਲਗਾਉਣ ਦਾ ਬਹੁਤ ਹੀ ਸੌਖਾ ਤਰੀਕਾ ਹੈ ਅਤੇ ਉਨ੍ਹਾਂ ਨੇ ਕਿਹਾ ਕਿ ਉਪਰੋਕਤ ਸੇਵਾਵਾਂ ਨਾਲ ਸਬੰਧਤ ਅਜਿਹੇ ਝਗੜੇ/ਸ਼ਿਕਾਇਤਾਂ /ਵਿਵਾਦ ਜਿਹੜੇ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ ਸਬੰਧੀ ਦਰਖਾਸਤ ਸਾਦੇ ਕਾਗਜ ਤੇ ਲਿਖ ਕੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿਖੇ ਚੇਅਰਮੈਨ ਕੋਲ ਪੇਸ਼ ਕਰਨੀ ਹੁੰਦੀ ਹੈ ਅਤੇ ਇਸ ਲੋਕ ਅਦਾਲਤ ਵਿੱਚ ਇੱਕ ਕਰੋੜ ਰੁਪੈ ਤੱਕ ਦੇ ਝਗੜੇ ਜਾਂ ਮਾਮਲੇ ਰੱਖੇ ਜਾ ਸਕਦੇ ਹਨ।ਉਹਨਾਂ ਅੱਗੇ ਦੱਸਿਆ ਕਿ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿੱਚ ਛੇਤੀ ਨਿਆਂ ਮਿਲਦਾ ਹੈ, ਇਸ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਅਤੇ ਕੇਸ ਲਗਾਉਣ ਲਈ ਕੋਈ ਫੀਸ ਵੀ ਨਹੀਂ ਲੱਗਦੀ । ਉਨ੍ਹਾਂ ਨੇ ਆਮ ਜਨਤਾ ਨੂੰ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

# ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਤਹਿਤ ਮੋਹਾਲੀ ਵਿੱਚ 66.76 ਫੀਸਦੀ ਪ੍ਰੀ-ਐੱਸ.ਆਈ.ਆਰ. ਮੈਪਿੰਗ ਮੁਕੰਮਲ: ਡੀ ਸੀ ਕੋਮਲ ਮਿੱਤਲ

ਮੋਹਾਲੀ , 4 ਜੂਨ ( ਅਸ਼ੋਕ ਜੋਸ਼ੀ )-ਭਾਰਤ ਦੇ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੇਂਸਿਵ ਰਿਵੀਜ਼ਨ ਫੇਜ-3 (ਐਸ.ਆਈ.ਆਰ) ਕਰਵਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਦੇ ਨਾਮ ਵੋਟਰ ਸੂਚੀ ਵਿੱਚੋਂ ਹਟਾਉਣਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿਤੱਲ, ਆਈ.ਏ.ਐੱਸ ਨੇ ਅੱਜ ਰਾਜਨੀਤਕ ਪਾਰਟੀਆਂ ਦੇ ਪ੍ਰਤੀਨਿਧਾਂ ਨਾਲ ਮੀਟਿੰਗ ਦੌਰਾਨ ਦਿੱਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪ੍ਰੀ-ਐਸ ਆਈ ਆਰ ਵੋਟਰ ਮੈਪਿੰਗ ਦੌਰਾਨ ਜ਼ਿਲ੍ਹਾ ਐੱਸ.ਏ.ਐੱਸ ਨਗਰ ਵਿੱਚ ਮਿਤੀ 3 ਜੂਨ 2026 ਤੱਕ ਲਗਭਗ 66.76% ਫੀਸਦੀ ਮੈਪਿੰਗ ਦਾ ਕੰਮ ਪੂਰਾ ਕੀਤਾ ਜਾ ਚੁੱਕਾ ਹੈ। ਜ਼ਿਲ੍ਹੇ ਦੇ ਕੁੱਲ 8,54,381 ਵੋਟਰਾਂ ਵਿੱਚੋਂ 5,70,722 ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਣ ਕੀਤਾ ਜਾ ਚੁੱਕਾ ਹੈ। ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿਤੱਲ ਨੇ ਦੱਸਿਆ ਕਿ ਜ਼ਿਲ੍ਹਾ ਐੱਸ.ਏ.ਐੱਸ ਨਗਰ ਦੇ ਵਿਧਾਨ ਸਭਾ ਹਲਕਾ 52 ਖਰੜ ਵਿੱਚ ਐਸ.ਡੀ.ਐਮ ਖਰੜ, 53- ਐੱਸ.ਏ.ਐੱਸ ਨਗਰ ਵਿੱਚ ਐਸ.ਡੀ.ਐਮ ਐੱਸ.ਏ.ਐੱਸ ਨਗਰ, 112-ਡੇਰਾਬੱਸੀ ਵਿੱਚ ਐਸ.ਡੀ.ਐਮ ਡੇਰਾਬੱਸੀ ਬਤੌਰ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਡਿਊਟੀ ਨਿਭਾ ਰਹੇ ਹਨ। ਜ਼ਿਲ੍ਹੇ 'ਚ ਕੁੱਲ 838 ਪੋਲਿੰਗ ਬੂਥ, 838 ਬੀ.ਐਲ.ਓਜ਼ ਅਤੇ 83 ਸੈਕਟਰ ਅਫ਼ਸਰ ਤੈਨਾਤ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਈ.ਆਰ.ਓਜ, ਏ.ਈ.ਆਰ.ਓਜ, ਸੁਪਰਵਾਈਜ਼ਰ, ਅਤੇ ਬੀ.ਐਲ.ਓਜ, ਨੂੰ ਟਰੇਨਿੰਗ ਅਤੇ ਇਨੁਮਰੇਸ਼ਨ ਫਾਰਮ ਦੀ ਡਾਊਨਲਡਿੰਗ ਅਤੇ ਪ੍ਰਿੰਟਿੰਗ ਦਾ ਕੰਮ 15 ਜੂਨ 2026 ਤੋਂ 24 ਜੂਨ 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪ੍ਰੀ-ਪਿੰਟਡ ਇਨੁਮਰੇਸ਼ਨ ਫਾਰਮ ਦੀ ਦੋ ਪਰਤਾਂ ਵਿੱਚ ਵੰਡ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਕੀਤੀ ਜਾਵੇਗਾ। ਬੀ.ਐਲ.ਓਜ਼ ਵੱਲੋਂ ਇਕ ਪਰਤ ਵਿੱਚ ਵੋਟਰ ਦੀ ਜਾਣਕਾਰੀ, ਫੋਟੋ ਅਤੇ 2003 ਦੀ ਵੋਟਰ ਸੂਚੀ ਵਿੱਚ ਦਰਜ ਵੇਰਵੇ ਭਰੇ ਜਾਣਗੇ ਅਤੇ ਇਸ ਨੂੰ ਸਬੰਧਤ ਈ.ਆਰ.ਓ. ਦਫ਼ਤਰ ਵਿੱਚ ਜਮ੍ਹਾਂ ਕਰਵਾਇਆ ਜਾਵੇਗਾ, ਜਦਕਿ ਦੂਜੀ ਪਰਤ ਵੋਟਰ ਨੂੰ ਰਸੀਦ ਵਜੋਂ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਮੂਹ ਈ.ਆਰ.ਓ ਵੱਲੋਂ ਪੋਲਿੰਗ ਸਟੇਸ਼ਨਾਂ ਦੀ ਰੇਸ਼ਨਲਾਈਜੇਸ਼ਨ ਮਿਤੀ 24 ਜੁਲਾਈ 2026 ਤੱਕ ਕੀਤੀ ਜਾਵੇਗੀ। ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 3 ਅਗਸਤ 2026 ਨੂੰ ਕੀਤੀ ਜਾਵੇਗੀ। ਇਸ ਤੋਂ ਬਾਅਦ ਮਿਤੀ 03 ਅਗਸਤ 2026 ਤੋਂ 02 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ ਅਤੇ ਮਿਤੀ 28 ਸਤੰਬਰ 2026 ਤੱਕ ਇਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ। ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਮਿਤੀ 01 ਅਕਤੂਬਰ 2026 ਨੂੰ ਕੀਤੀ ਜਾਵੇਗੀ। ਡਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ ਲੈਵਲ ਏਜੰਟ (ਭ.ਲਅ) ਜ਼ਰੂਰ ਨਿਯੁਕਤ ਕਰਨ ਤਾਂ ਜੋ ਇਹ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ। ਉਨ੍ਹਾਂ ਕਿਹਾ ਕਿ ਚੋਣ ਦਫ਼ਤਰ ਵੱਲੋਂ ਸਪੇਸ਼ਲ ਇੰਟੇਂਸਿਵ ਰਿਵੀਜਨ ਦੇ ਹਰੇਕ ਪੜਾਅ 'ਚ ਰਾਜਨੀਤਿਕ ਪਾਰਟੀਆਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੇਂਸਿਵ ਰਿਵੀਜਨ ਦੌਰਾਨ ਬੀ.ਐਲ.ਓ ਨੂੰ ਪੂਰਾ ਸਹਿਯੋਗ ਦੇਣ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਯੋਗਤਾ ਮਿਤੀ 1 ਜਨਵਰੀ 2003 ਦੀਆਂ ਵੋਟਰ ਸੂਚੀਆਂ ਨੂੰ ਮੌਜੂਦਾ ਵੋਟਰ ਸੂਚੀਆਂ ਨਾਲ ਜੋੜਿਆ ਗਿਆ ਹੈ ਤਾਂ ਜੋ ਪੁਰਾਣੇ ਰਿਕਾਰਡ ਲੱਭਣ ਵਿੱਚ ਕੋਈ ਮੁਸ਼ਕਲ ਨਾ ਆਵੇ ਉਨ੍ਹਾਂ ਹੋਰ ਦੱਸਿਆ ਕਿ ਬੀ ਐਲ ਓ ਘਰ-ਘਰ ਜਾ ਕੇ ਵੋਟਰਾਂ ਤੋਂ ਫਾਰਮ ਭਰਵਾਉਣਗੇ ਅਤੇ ਫਾਰਮ ਮੁੜ ਪ੍ਰਾਪਤ ਕਰਨ ਲਈ ਵੋਟਰਾਂ ਨਾਲ ਤਿੰਨ ਵਾਰ ਸੰਪਰਕ ਕਰਨਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਐਸ ਆਈ ਆਰ ਦੌਰਾਨ ਆਧਾਰ ਕਾਰਡ ਨੂੰ ਕੇਵਲ ਪਹਿਚਾਣ ਦੇ ਸਰੋਤ ਵਜੋਂ ਮੰਨਿਆ ਜਾਵੇਗਾ, ਨਾ ਕਿ ਪਹਿਚਾਣ ਦੇ ਸਬੂਤ ਵਜੋਂ।



Daily
# Recent Times
Chief Editor: Mamoon Rashid
EVENING NEWSPAPER
Vol:04,Issue: 80,Dated: 04 June 2026 ,RNI:PUNBIL/2022/87140, Rate:Rs 5/- E-Mail Id: recenttimes1@gmail.com, Website:www.recenttimes.in, page/4

## JIH Vice President, Prof. Salim Engineer Offers Condolences to Victims of Delhi Fire Tragedy, Calls for Stronger Safety Enforcement and Accountability

New Delhi, 04 June {Recent Times}.The Vice President of Jamaat-e-Islami Hind (JIH), Prof. Salim Engineer expressed deep sorrow over the tragic loss of at least 21 lives, including several foreign nationals, in the devastating hotel fire in Malviya Nagar, Delhi. In a statement to the media, Prof. Salim Engineer said, "I express my heartfelt condolences to the bereaved families and pray for strength and patience for those affected. I also wish a speedy recovery to the injured. This tragic incident is a result of serious lapses in safety compliance and enforcement. The reported absence of basic fire safety measures and the usage of rooms for accommodating guests in the hotel far beyond the permitted limits show poor governance and failure to regulate safety norms in public spaces and commercial establishments." The JIH Vice President further stated, "Such lapses place the lives of ordinary citizens, including students, working professionals, and visitors, at grave risk, especially in densely populated urban areas. While rescue and relief efforts are essential and commendable, there is an urgent need to prioritise long-term preventive measures. A comprehensive review of safety compliance across similar establishments must be undertaken, along with strict enforcement of regulations and clear



accountability for violations. Urban development must be guided by public safety, transparency, and responsible governance. It is imperative that such tragedies lead to meaningful reforms that strengthen safety systems and ensure that the protection of human life remains the foremost priority in all development and regulatory processes."

## Election Tehsildar Sanjay Kumar promoted as Assistant Chief Electoral Officer, Punjab

Mohali, June 4 (Ashok Joshi)- Election Tehsildar Sanjay Kumar of Sahibzada Ajit Singh Nagar has been promoted as Assistant Chief Electoral Officer, Punjab under the departmental election system.During a simple function organized at the District Administrative Complex today, District Election Officer-cum-Deputy Commissioner Komal Mittal congratulated Sanjay Kumar for this new responsibility. He said that Sanjay Kumar has discharged the responsibilities related to election management in the district during the last eight years as Election Tehsildar with great efficiency and dedication.On this occasion, Additional District Election Officer-cum-Additional Deputy Commissioner Geetika Singh also congratulated Sanjay Kumar and wished him a bright future.During the function, District Nodal Officer (SWEEP) Prof. Gurbakshish Singh, Election Lawyer Surinder Kumar, Varun, Jagtar Singh and the entire election staff also congratulated Sanjay Kumar.On this occasion, Sanjay Kumar expressed his gratitude to the Deputy Commissioner-cum-District Election Officer, Additional Deputy Commissioner and the entire election staff for the support, guidance and respect he received during his tenure.



## Malerkotla District Core Group Members Meet with ADC

Malerkotla, June 04 () Yesterday, the Human Rights Commission District Malerkotla Core Group Members met with the District ADC Mandeep Kaur in which the members were introduced and the members gave their suggestions on how to protect the human rights of the people which are their fundamental rights of equality, dignity and justice, health, education and security which the Constitution has given them should not be violated. Recently, the Human Rights Commission has formed committees of 10 to 15 people at the district level across Punjab who will work as a link, will try to resolve the grievances and issues of the people between the administration and the people. These core group members have been selected from NGOs and social organizations and people doing social work in different fields. Shahbzada Nadeem Anwar Khan said that due to the efforts of Human Rights Commission member Jatinder Singh Santi, committees of core group members were formed all over Punjab for that purpose. Corruption, neglect and hearing of common people are happening in different departments which are not happening anywhere. If people are not getting a hearing in hospitals, schools, colleges, municipal committees, police, panchayat departments or any other departments, then they can approach the core group members, they can meet them at any time and the members will try to resolve the issue in the concerned department itself and if even then it is not resolved, then a report will be made to the Human Rights Commission which will take its action and the concerned officer will have to answer as to why that person is not getting a hearing. In fact, the administration is also burdened with a lot of work and sometimes there is delay in the work, so we all have to come together and cooperate with each other and complete the work so that the common people do not face any problem in the offices. The departments which have been divided among the members are Police, Schools, Higher Education, Food, Drinking Water, Hospitals, Drugs, Pollution, Transport, Crime, Women, Senior Citizens, NRIs etc. The names of the core group members who attended the meeting are as follows: Nadeem Anwar Khan, Lovedeep Singh, Sheikh Zeeshan Qureshi, Azhar Khan, Harbans Singh, Suhaib Ahmed Khan Shaibi, Manju Harkiran, Abad Khurd,

## T. B. Control Campaign made Asha aware

## T. B. is completely curable-S. M. O. Dr. Bhinder

Sandor 4 June ( ) Under the directions of Civil Surgeon Malerkotla Dr. Pradeep Kumar and under the leadership of Senior Medical Officer Dr. G. S. Bhinder, Health Block Fatehgarh Panjgraian was made aware of TB prevention under the TB Mukt Bharat Abhiyan. Addressing the Asha present on this occasion, Block TB Control Unit Incharge Rajesh Rikhi said that Asha is doing good work in the field during the survey for the prevention of TB. He said that if any suspicious patient comes forward during their survey, then his sputum test must be done so that the treatment of TB can be started on time. He said that the TB Prevention Unit of Block Panjgraian is working seriously for the treatment and examination of patients and sputum test is done free of cost with modern machines in the block lab. Speaking on this occasion, SMO Dr. G. S. Bhinder said that T. B. is completely curable, the patient needs good diet and there should be no delay in taking medicine and one should seek medical advice from time to time. By doing this, one can be free from T. B.



| On this occasion, Harpreet Kaur B. E. E., C. H. O. Parminder Singh, C. H. O. Sandeep Kaur, I. A. Deepak Sharma, L. T. Praveen Khatun, A. F. Gauri Bibi and other ASHAs of the sector were present.

## Under the Trader-Police Meeting Program, SSP Malerkotla met the business community

Malerkotla, June 04 {Recent Times}Under the "Trader-Police Meeting" program organized with the aim of making the public-police partnership more effective and strong in Malerkotla district, Senior Superintendent of Police (SSP) Malerkotla Gurmeet Singh held a special meeting with the leading textile traders, representatives of trade associations and other businessmen of the city. The objective of the meeting was to listen to the problems of the business community, get their suggestions and find common solutions on security issues.During the meeting, SSP Gurmeet Singh held open discussions with the traders and listened to the various issues raised by them seriously. He said that Malerkotla Police is fully committed to the security of traders, smooth functioning of businesses and maintaining a peaceful atmosphere in the city. He said that regular patrolling, monitoring of sensitive areas and prompt action by the police are being further strengthened to keep a watch on criminal activities.The SSP appealed to the traders to install CCTV cameras in their business establishments, adopt security measures and immediately inform the police about any suspicious person or activity. He said that crime can be effectively controlled only with mutual cooperation between the police and the common people.On this occasion, Chairperson District Traders Commission Malerkotla Azam Dara highly appreciated the efforts being made by the Punjab Government, District Police and Civil Administration for the welfare and security of traders. He said that Chief Minister S. The Punjab government under the leadership of Bhagwant Singh Mann is committed to providing better facilities, a safe business environment and transparent administration to the business community. He said that the efforts being made by the district police to listen to the problems of the traders by drawing up a direct meeting program and resolving them in a timely manner are commendable. Azam Dara said that such meetings further strengthen mutual trust between the traders, police and the administration, which not only encourages business but also strengthens the law and order situation. He also appreciated the pro-people steps being taken by Chief Minister S. Bhagwant Singh Mann to protect the interests of traders and industrialists.At the end of the meeting, the traders assured all possible cooperation to the police administration and reiterated their commitment to work together to further strengthen law and order and communal harmony in the city.On this occasion, Chairperson of the Malerkotla Assembly Constituency Imtiaz Ali, DSP Manavjit Singh Members Mohammad Khalid, Yasin Josh, Mohammad Imran,



Iswar Arora, Lalit Goyal, Sagar Gera, Manpreet, Tarun Jain, besides other businessmen and officials were present.